ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/1948995821245311/

YouTube https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 13 ਜੂਨ 2025 (ਨਾਨਕਸ਼ਾਹੀ ਸੰਮਤ : ੫੫੭, ੩੧ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

## ਅਹਿਮਦਾਬਾਦ ਤੋਂ ਲੰਡਨ ਜਾ ਰਿਹਾ ਜਹਾਜ਼ ਕਰੈਸ਼

# 246 ਮੌਤਾਂ, ਇਕ ਜ਼ਿੰਦਾ ਬਚਿਆ

**ਅਹਿਮਦਾਬਾਦ, 12 ਜੂਨ (ਆਵਾਜ਼ਿ ਕੌਮ ਬਿਊਰੋ)**-ਏਅਰ ਟ੍ਰੈਫਿਕ ਕੰਟਰੋਲ (ਏਟੀਸੀ) ਦੇ ਅਨੁਸਾਰ, ਏਅਰ ਇੰਡੀਆ ਦੀ ਉਡਾਣ ਏਆਈ-171 ਨੇ ਭਾਰਤੀ ਸਮੇਂ ਅਨੁਸਾਰ ਦੁਪਹਿਰ 1:39 ਵਜੇ ਅਹਿਮਦਾਬਾਦ ਹਵਾਈ ਅੱਡੇ ਦੇ ਰਨਵੇਅ 23 ਤੋਂ ਉਡਾਣ ਭਰੀ। ਰਨਵੇਅ 23 ਤੋਂ ਉਡਾਣ ਭਰਨ ਤੋਂ ਸਿਰਫ਼ ਕੁਝ ਸਕਿੰਟਾਂ ਦੇ ਅੰਦਰ ਜਹਾਜ਼ ਹਵਾਈ ਅੱਡੇ ਦੀ ਸੀਮਾ ਤੋਂ ਬਾਹਰ ਜ਼ਮੀਨ 'ਤੇ ਡਿੱਗ ਗਿਆ ਅਤੇ ਉਸ ਤੋਂ ਥੋੜ੍ਹੀ ਦੇਰ ਬਾਅਦ ਹੀ ਅਸਮਾਨ ਵਿੱਚ ਕਾਲਾ ਧੂੰਆਂ ਉੱਠਦਾ ਦੇਖਿਆ ਗਿਆ। ਜਹਾਜ਼ ਅਹਿਮਦਾਬਾਦ ਦੇ ਮੇਘਨਗਰ ਆਈਜੀਪੀ ਕੰਪਲੈਕਸ ਵਿੱਚ ਹਾਦਸਾਗ੍ਰਸਤ ਹੋ ਗਿਆ। ਹਾਦਸੇ ਦੇ ਸਮੇਂ, ਜਹਾਜ਼ ਵਿੱਚ 242 ਲੋਕ ਸਵਾਰ ਸਨ, ਜਿਨ੍ਹਾਂ ਵਿੱਚ ਕੈਬਿਨ ਕਰੂ ਦੇ 12 ਮੈਂਬਰ ਵੀ ਸ਼ਾਮਲ ਸਨ। ਇਨ੍ਹਾਂ ਸਾਰਿਆਂ ਦੀ ਦਰਦਨਾਕ ਮੌਤ ਹੋ ਗਈ। ਜਹਾਜ਼ ਨੂੰ ਕੈਪਟਨ ਸੁਮਿਤ ਸੱਭਰਵਾਲ ਨੇ ਚਲਾ ਰਹੇ ਸਨ, ਜਿਸ ਦੇ ਨਾਲ ਫਸਟ ਅਫਸਰ ਕਲਾਈਵ ਕੁੰਦਰ ਵੀ ਸਨ। ਕੈਪਟਨ ਸੁਮਿਤ ਸੱਭਰਵਾਲ ਇੱਕ ਐਲਟੀਸੀ ਹੈ ਅਤੇ ਉਸਨੂੰ 8,200 ਘੰਟਿਆਂ ਦਾ ਉਡਾਣ ਦਾ ਤਜਰਬਾ ਹੈ, ਜਦੋਂ ਕਿ ਸਹਿ-ਪਾਇਲਟ ਨੂੰ 1,100 ਘੰਟਿਆਂ ਦਾ ਉਡਾਣ ਦਾ ਤਜਰਬਾ ਸੀ। ਜਹਾਜ਼ ਵਿੱਚ 169 ਭਾਰਤੀ, 53 ਬ੍ਰਿਟਿਸ਼, 1 ਕੈਨੇਡੀਅਨ ਅਤੇ 7 ਪੁਰਤਗਾਲੀ ਨਾਗਰਿਕ ਸਵਾਰ ਸਨ। ਇਸ ਹਾਦਸੇ ਤੋਂ ਬਾਅਦ, ਹਾਦਸੇ ਵਾਲੀ ਥਾਂ ਦੇ ਆਲੇ-ਦੁਆਲੇ ਦੀਆਂ ਸਾਰੀਆਂ ਸੜਕਾਂ ਨੂੰ ਬੰਦ ਕਰ ਦਿੱਤਾ ਗਿਆ ਅਤੇ ਫਾਇਰ ਬ੍ਰਿਗੇਡ ਸਮੇਤ ਬਚਾਅ ਟੀਮਾਂ ਨੂੰ ਬਚਾਅ ਅਤੇ ਰਾਹਤ ਕਾਰਜਾਂ ਲਈ ਮੌਕੇ 'ਤੇ ਭੇਜਿਆ ਗਿਆ। ਇਸ ਤੋਂ ਇਲਾਵਾ, ਹਸਪਤਾਲ ਵਿੱਚ ਲਗਭਗ 1,200 ਬਿਸਤਰਿਆਂ ਦਾ ਪ੍ਰਬੰਧ ਕੀਤਾ ਗਿਆ ਸੀ। ਇਸ ਤੋਂ ਇਲਾਵਾ, ਕੇਂਦਰੀ ਸ਼ਹਿਰੀ ਹਵਾਬਾਜ਼ੀ ਮੰਤਰੀ ਰਾਮ ਮੋਹਨ ਨਾਇਡੂ, ਜੋ ਕਈ ਪ੍ਰੋਗਰਾਮਾਂ ਵਿੱਚ ਸ਼ਾਮਲ ਹੋਣ ਲਈ ਵਿਜੇਵਾੜਾ ਵਿੱਚ ਸਨ, ਜਹਾਜ਼ ਹਾਦਸੇ ਦੀ ਖ਼ਬਰ ਮਿਲਦੇ ਹੀ ਤੁਰੰਤ ਅਹਿਮਦਾਬਾਦ ਲਈ ਰਵਾਨਾ ਹੋ ਗਏ।



**ਯੂਕੇ ਦੇ ਪ੍ਰਧਾਨ ਮੰਤਰੀ ਕੀਰ ਸਟਾਰਮਰ ਨੇ ਘਟਨਾ ਨੂੰ -ਦੁਖਦਾਈ' ਦੱਸਿਆ :** ਬ੍ਰਿਟਿਸ਼ ਪ੍ਰਧਾਨ ਮੰਤਰੀ ਕੀਰ ਸਟਾਰਮਰ ਨੇ ਕਿਹਾ ਕਿ ਅਹਿਮਦਾਬਾਦ ਵਿੱਚ ਲੰਡਨ ਜਾ ਰਹੇ ਇੱਕ ਜਹਾਜ਼ ਦੇ ਹਾਦਸਾਗ੍ਰਸਤ ਹੋਣ ਦੇ ਦ੍ਰਿਸ਼ 'ਦੁਖਦਾਈ' ਸਨ, ਜਿਸ ਵਿੱਚ ਬਹੁਤ ਸਾਰੇ ਬ੍ਰਿਟਿਸ਼ ਨਾਗਰਿਕ ਸ਼ਾਮਲ ਸਨ। ਸਟਾਰਮਰ ਨੇ ਕਿਹਾ, "ਸਥਿਤੀ ਦੇ ਵਿਗਸਣ ਨਾਲ ਮੈਨੂੰ ਅਪਡੇਟ ਕੀਤਾ ਜਾ ਰਿਹਾ ਹੈ, ਅਤੇ ਇਸ ਡੂੰਘੇ ਦੁਖਦਾਈ ਸਮੇਂ ਵਿੱਚ ਮੇਰੇ ਵਿਚਾਰ ਯਾਤਰੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਨਾਲ ਹਨ।"

ਸਰਦਾਰ ਵੱਲਭਭਾਈ ਪਟੇਲ ਅੰਤਰਰਾਸ਼ਟਰੀ ਹਵਾਈ ਅੱਡਾ ਅਹਿਮਦਾਬਾਦ ਏਅਰ ਇੰਡੀਆ ਜਹਾਜ਼ ਹਾਦਸੇ ਕਾਰਨ ਫਿਲਹਾਲ ਬੰਦ ਕਰ ਦਿੱਤਾ ਗਿਆ।

ਯੂਪੀ ਦੇ ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਨੇ ਕਿਹਾ, "ਅਹਿਮਦਾਬਾਦ ਵਿੱਚ ਇੱਕ ਦੁਖਦਾਈ ਹਾਦਸਾ ਹੋਇਆ ਹੈ। ਇੱਕ ਜਹਾਜ਼ ਹਾਦਸਾਗ੍ਰਸਤ ਹੋ ਗਿਆ ਹੈ। ਇਹ ਲੰਡਨ ਜਾ ਰਿਹਾ ਸੀ। ਬਹੁਤ ਸਾਰੇ ਯਾਤਰੀਆਂ ਨੇ ਆਪਣੀਆਂ ਜਾਨਾਂ ਗੁਆ ਦਿੱਤੀਆਂ ਹਨ। ਮੈਂ ਯਾਤਰੀਆਂ ਦੀ ਸੁਰੱਖਿਆ ਲਈ ਪ੍ਰਾਰਥਨਾ ਕਰਦਾ ਹਾਂ... ਦੁਖੀ ਪਰਿਵਾਰਾਂ ਪ੍ਰਤੀ ਮੇਰੀ ਸੰਵੇਦਨਾ..."

ਹਾਦਸੇ ਦੇ ਮੱਦੇਨਜ਼ਰ, ਸਾਰੇ ਵੇਰਵਿਆਂ ਦਾ ਤਾਲਮੇਲ ਕਰਨ ਲਈ ਸ਼ਹਿਰੀ ਹਵਾਬਾਜ਼ੀ ਮੰਤਰਾਲੇ ਵਿਖੇ ਇੱਕ ਸੰਚਾਲਨ ਕੰਟਰੋਲ ਰੂਮ ਸਰਗਰਮ ਕੀਤਾ ਗਿਆ ਹੈ।

ਸੰਪਰਕ: 011-24610843, 9650391859

ਮੰਤਰਾਲੇ ਵੱਲੋਂ ਕਿਹਾ ਗਿਆ ਹੈ ਕਿ ਅਸੀਂ ਸਾਰੇ ਪ੍ਰਭਾਵਿਤ ਲੋਕਾਂ ਨੂੰ ਤੁਰੰਤ ਜਵਾਬ ਦੇਣ ਅਤੇ ਪੂਰੀ ਸਹਾਇਤਾ ਦੇਣ ਲਈ ਵਚਨਬੱਧ ਹਾਂ।

## ਹਾਦਸੇ ਦੌਰਾਨ ਗੁਜਰਾਤ ਦੇ ਸਾਬਕਾ ਮੁੱਖ ਮੰਤਰੀ ਅਤੇ ਪੰਜਾਬ ਭਾਜਪਾ ਇੰਚਾਰਜ ਵਿਜੇ ਰੂਪਾਨੀ ਦੀ ਵੀ ਮੌਤ

**ਅਹਿਮਦਾਬਾਦ, 12 ਜੂਨ (ਆਵਾਜ਼ਿ ਕੌਮ ਬਿਊਰੋ)**-ਗੁਜਰਾਤ ਦੇ ਅਹਿਮਦਾਬਾਦ ਵਿੱਚ ਏਅਰ ਇੰਡੀਆ ਦਾ ਇੱਕ ਜਹਾਜ਼ ਹਾਦਸਾਗ੍ਰਸਤ ਹੋ ਗਿਆ। ਇਸ ਹਾਦਸੇ ਵਿੱਚ ਗੁਜਰਾਤ ਦੇ ਸਾਬਕਾ ਮੁੱਖ ਮੰਤਰੀ ਅਤੇ ਪੰਜਾਬ ਭਾਜਪਾ ਇੰਚਾਰਜ ਵਿਜੇ ਰੂਪਾਨੀ ਦੀ ਮੌਤ ਦੀ ਵੀ ਜਾਣਕਾਰੀ ਮਿਲੀ ਹੈ। ਭਾਜਪਾ ਦੇ ਰਾਜ ਸਭਾ ਮੈਂਬਰ ਪਰਿਮਲ ਨਾਥਵਾਨੀ ਨੇ ਟਵਿੱਟਰ 'ਤੇ ਇਹ ਜਾਣਕਾਰੀ ਦਿੱਤੀ। ਹਾਲਾਂਕਿ, ਕੁਝ ਸਮੇਂ ਬਾਅਦ ਉਨ੍ਹਾਂ ਨੇ ਆਪਣੀ ਪੋਸਟ ਡਿਲੀਟ ਕਰ ਦਿੱਤੀ। ਜ਼ਿਕਰਯੋਗ ਹੈ ਕਿ ਅੱਜ ਦੁਪਹਿਰ ਗੁਜਰਾਤ ਦੇ ਅਹਿਮਦਾਬਾਦ ਵਿੱਚ ਏਅਰ ਇੰਡੀਆ ਦਾ ਇੱਕ ਜਹਾਜ਼ ਹਾਦਸਾਗ੍ਰਸਤ ਹੋ ਗਿਆ। ਜਹਾਜ਼ ਵਿੱਚ 242 ਯਾਤਰੀ ਸਵਾਰ ਸਨ। ਇਹ ਜਹਾਜ਼ ਅਹਿਮਦਾਬਾਦ ਤੋਂ ਲੰਡਨ ਜਾ ਰਿਹਾ ਸੀ ਅਤੇ ਟੇਕਆਫ ਤੋਂ ਥੋੜ੍ਹੀ ਦੇਰ ਬਾਅਦ ਮੇਘਾਨੀਨਗਰ ਦੇ ਨੇੜੇ ਹਾਦਸਾਗ੍ਰਸਤ ਹੋ ਗਿਆ। ਇਸ ਦੇ ਨਾਲ ਹੀ ਤੁਹਾਨੂੰ ਦੱਸ ਦੇਈਏ ਕਿ ਹਾਦਸੇ ਤੋਂ ਪਹਿਲਾਂ ਵਿਜੇ ਰੂਪਾਨੀ ਦੀ ਇੱਕ ਤਸਵੀਰ ਸਾਹਮਣੇ ਆਈ ਸੀ। ਇਹ ਫੋਟੋ ਜਹਾਜ਼ ਦੇ ਅੰਦਰ ਦੀ ਦੱਸੀ ਜਾ ਰਹੀ ਹੈ, ਜੋ ਕਿ ਸਾਬਕਾ ਮੁੱਖ ਮੰਤਰੀ ਵਿਜੇ ਰੂਪਾਨੀ ਦੇ ਸਾਹਮਣੇ ਬੈਠੀ ਇੱਕ ਮਹਿਲਾ ਯਾਤਰੀ ਨੇ ਲਈ ਸੀ। ਦੱਸਿਆ ਜਾ ਰਿਹਾ ਹੈ ਕਿ ਇਸ ਜਹਾਜ਼ 'ਚ 230 ਯਾਤਰੀ ਤੇ 12 ਕ੍ਰੂ ਮੈਂਬਰਾਂ ਸਣੇ ਕੁੱਲ 242 ਲੋਕ ਸਵਾਰ ਸਨ, ਜਿਨ੍ਹਾਂ 'ਚੋਂ 169 ਭਾਰਤੀ, 53 ਬ੍ਰਿਟਿਸ਼, 7 ਪੁਰਤਗਾਲ ਤੇ 1 ਕੈਨੇਡੀਅਨ ਨਾਗਰਿਕ ਸ਼ਾਮਲ ਸਨ। ਇਸ ਹਾਦਸੇ ਮਗਰੋਂ ਅਹਿਮਦਾਬਾਦ ਦੇ ਪੁਲਸ ਕਮਿਸ਼ਨਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਭਿਆਨਕ ਹਾਦਸੇ 'ਚ ਕਿਸੇ ਦਾ ਵੀ ਬਚਣਾ ਮੁਸ਼ਕਿਲ ਜਾਪਦਾ ਹੈ। ਜ਼ਖ਼ਮੀਆਂ ਨੂੰ ਹਸਪਤਾਲ ਪਹੁੰਚਾਇਆ ਜਾ ਰਿਹਾ ਹੈ ਪਰ ਉਨ੍ਹਾਂ ਦੇ ਬਚਣ ਦੀ ਉਮੀਦ ਬੇਹੱਦ ਘੱਟ ਹੈ।



## ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਹਵਾਈ ਹਾਦਸੇ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ

**ਅੰਮ੍ਰਿਤਸਰ, 12 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਗੁਜਰਾਤ ਦੇ ਅਹਿਮਦਾਬਾਦ ਤੋਂ ਲੰਡਨ ਜਾ ਰਹੀ ਏਅਰ ਇੰਡੀਆ ਦੀ ਉਡਾਣ ਏ.ਆਈ. 171 ਦੇ ਅਹਿਮਦਾਬਾਦ ਵਿਖੇ ਹੋਏ ਹਵਾਈ ਹਾਦਸੇ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ ਹੈ। ਉਨ੍ਹਾਂ ਕਿਹਾ ਕਿ ਇਹ ਹਾਦਸਾ ਦਿਲ ਨੂੰ ਗਹਿਰਾ ਸਦਮਾ ਦੇਣ ਵਾਲਾ ਹੈ, ਸਾਡੀਆਂ ਭਾਵਨਾਵਾਂ ਪੀੜਤਾਂ ਦੇ ਪਰਿਵਾਰਾਂ ਅਤੇ ਅਜ਼ੀਜ਼ਾਂ ਨਾਲ ਹਨ। ਉਨ੍ਹਾਂ ਨੇ ਗੁਜਰਾਤ ਦੇ ਸਾਬਕਾ ਮੁੱਖ ਮੰਤਰੀ ਅਤੇ ਭਾਜਪਾ ਦੇ ਪੰਜਾਬ ਅਤੇ ਚੰਡੀਗੜ੍ਹ ਮਾਮਲਿਆਂ ਦੇ ਇੰਚਾਰਜ ਸ੍ਰੀ ਵਿਜੇ ਰੂਪਾਨੀ ਸਮੇਤ ਇਸ ਦੁਖਦਾਈ ਹਾਦਸੇ ਵਿੱਚ ਆਪਣੀਆਂ ਕੀਮਤੀ ਜਾਨਾਂ ਗੁਆਉਣ ਵਾਲੇ ਸਾਰੇ ਯਾਤਰੀਆਂ ਅਤੇ ਹਾਦਸੇ ਦੀ ਲਪੇਟ 'ਚ ਆਏ ਸਥਾਨਕ ਮੈਡੀਕਲ ਕਾਲਜ ਦੇ ਡਾਕਟਰਾਂ ਦੇ ਰਿਹਾਇਸ਼ੀ ਅਤੇ ਹੋਸਟਲ ਇਮਾਰਤ ਵਿੱਚ ਮੌਜੂਦ ਲੋਕਾਂ ਦੇ ਪਰਿਵਾਰਾਂ ਨਾਲ ਦੁੱਖ ਸਾਂਝਾ ਕੀਤਾ। ਉਨਾਂ ਹਾਦਸੇ ਦਾ ਸ਼ਿਕਾਰ ਹੋਣ ਵਾਲੇ ਜ਼ਖਮੀਆਂ ਦੇ ਜਲਦੀ ਸਿਹਤਯਾਬ ਹੋਣ ਦੀ ਕਾਮਨਾ ਕੀਤੀ ਅਤੇ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਉਹ ਇਸ ਘਟਨਾ ਵਿੱਚ ਆਪਣੀਆਂ ਜਾਨਾਂ ਗੁਆਉਣ ਵਾਲਿਆਂ ਦੀਆਂ ਆਤਮਾਵਾਂ ਨੂੰ ਸ਼ਾਂਤੀ ਦੇਣ ਅਤੇ ਪੀੜਤਾਂ ਦੇ ਪਰਿਵਾਰਾਂ ਅਤੇ ਉਨ੍ਹਾਂ ਦੇ ਅਜ਼ੀਜ਼ਾਂ ਨੂੰ ਇਸ ਘਾਟੇ ਨੂੰ ਸਹਿਣ ਕਰਨ ਦੀ ਤਾਕਤ ਦੇਣ।



## ਅੰਮ੍ਰਿਤਸਰ 'ਚ ਬਣਿਆ ਕਰਫਿਊ ਵਰਗਾ ਮਾਹੌਲ, ਸੁੰਨੀਆਂ ਪਈਆਂ ਸੜਕਾਂ ਤੇ ਬਾਜ਼ਾਰ

**ਅੰਮ੍ਰਿਤਸਰ, 12 ਜੂਨ (ਆਵਾਜ਼ਿ ਕੌਮ ਬਿਊਰੋ)**-ਮਹਾਨਗਰ ਵਿਚ ਗਰਮੀ ਦਾ ਕਹਿਰ ਲਗਾਤਾਰ ਜਾਰੀ ਹੈ। ਮੌਸਮ ਵਿਭਾਗ ਅਨੁਸਾਰ ਅੰਮ੍ਰਿਤਸਰ ਵਿਚ 45.8 ਡਿਗਰੀ ਦਾ ਤਾਪਮਾਨ ਦਰਜ ਕੀਤਾ ਗਿਆ। ਦੂਜੇ ਪਾਸੇ ਦਿਨੋਂ-ਦਿਨ ਗਰਮੀ ਵੱਧਣ ਦੇ ਨਾਲ ਹੀ ਸੂਬੇ ਵਿਚ ਬਿਜਲੀ ਦੀ ਮੰਗ ਬਹੁਤ ਵਧ ਗਈ ਹੈ। ਗਰਮੀ ਅਤੇ ਲੂਹ ਦੇ ਪ੍ਰਕੋਪ ਨੇ ਲੋਕਾਂ ਦੀ ਰੋਜ਼ਮਰਾਂ ਦੀ ਜ਼ਿੰਦਗੀ ਨੂੰ ਪ੍ਰਭਾਵਿਤ ਕਰਨਾ ਸ਼ੁਰੂ ਕਰ ਦਿੱਤਾ ਹੈ। ਸ਼ਹਿਰ ਦੀਆਂ ਸੁੰਨਮਾਨ ਪਈਆਂ ਸੜਕਾਂ ਨੂੰ ਦੇਖ ਕੇ ਅਜਿਹਾ ਲੱਗ ਰਿਹਾ ਸੀ ਜਿਵੇਂ ਸ਼ਹਿਰ ਵਿਚ ਕਰਫਿਊ ਲੱਗਾ ਹੋਵੇ। ਇਸ ਤੀਬਰ ਗਰਮੀ ਕਾਰਨ ਲੋਕ ਘਰਾਂ ਵਿਚ ਬੰਦ ਰਹਿਣ 'ਚ ਹੀ ਅਫ਼ਜਲ ਸਮਝ ਰਹੇ ਹਨ। ਪਿਛਲੇ ਕੁਝ ਦਿਨਾਂ ਤੋਂ ਪੈ ਰਹੀ ਗਰਮੀ ਨੇ ਜਨਜੀਵਨ ਨੂੰ ਲੀਹ ਤੋਂ ਲਾਹ ਦਿੱਤਾ ਹੈ। ਬੇਸ਼ੱਕ ਮੌਸਮ ਵਿਭਾਗ ਗਰਮੀ ਤੋਂ ਬਚਣ ਦੀ ਸਲਾਹ ਦੇ ਰਿਹਾ ਹੈ, ਉੱਥੇ ਹੀ ਅੱਤ ਦੀ ਪੈ ਰਹੀ ਗਰਮੀ ਕਾਰਨ ਭੀੜ-ਭੜੱਕੇ ਵਾਲੇ ਬਾਜ਼ਾਰ ਅਤੇ ਤੇਜ਼ ਆਵਾਜ਼ਾਈ ਵਾਲੀਆਂ ਸੜਕਾਂ ਸੁੰਨੀਆਂ ਨਜ਼ਰ ਆਉਂਦੀਆਂ ਹਨ। ਗਰਮੀ ਕਾਰਨ ਲੋਕ, ਦੁਕਾਨਦਾਰ, ਬੱਚੇ ਜੀਵ ਜੰਤੂ ਸਭ ਪ੍ਰੇਸ਼ਾਨ ਹਨ, ਕਿਉਂਕਿ ਉਨ੍ਹਾਂ ਨੂੰ ਵੀ ਪਾਣੀ ਅਤੇ ਠੰਡੀ ਜਗ੍ਹਾ ਦੀ ਘਾਟ ਮਹਿਸੂਸ ਹੋ ਰਹੀ ਹੈ। ਲੋਕ ਕੇਵਲ ਜ਼ਰੂਰੀ ਕੰਮਾਂ ਲਈ ਆਪਣੇ ਘਰਾਂ ਤੋਂ ਬਾਹਰ ਨਿਕਲ ਰਹੇ ਹਨ। ਇਸ ਵਧੀ ਹੋਈ ਗਰਮੀ ਨਾਲ ਸਿੱਧੇ ਤੌਰ 'ਤੇ ਬਾਜ਼ਾਰਾਂ ਵਿਚ ਸੁੰਨਸਾਨ ਮਾਹੌਲ ਦੇਖਣ ਨੂੰ ਮਿਲ ਰਿਹਾ ਹੈ ਅਤੇ ਇਸ ਦਾ ਸਿੱਧਾ ਅਸਰ ਵਪਾਰ 'ਤੇ ਵੀ ਪੈ ਰਿਹਾ ਹੈ। ਦੁਕਾਨਦਾਰ ਵਿਹਲੇ ਰਹਿਣ ਲਈ ਮਜ਼ਬੂਰ ਹਨ, ਵਧੀ ਹੋਈ ਗਰਮੀ ਵਿਚ ਸ਼ਹਿਰ ਦੇ ਬਾਜ਼ਾਰ ਸੁੰਨੇ ਦਿਖ ਰਹੇ ਹਨ। ਕਈ ਦੁਕਾਨਦਾਰਾਂ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਸ਼ਿਖਰਾ ਦੀ ਪੈ ਰਹੀ ਗਰਮੀ ਨੇ ਵਪਾਰੀ ਵਰਗ ਦਾ ਲੱਕ ਤੋੜਿਆ ਹੈ, ਕਿਉਂਕਿ ਆਮ ਲੋਕ ਗਰਮੀ ਕਾਰਨ ਪਿੰਡਾਂ ਵਿਚੋਂ ਸ਼ਹਿਰ ਨੂੰ ਘੱਟ ਆ ਰਹੇ ਹਨ ਅਤੇ ਇਸ ਕਾਰਨ ਉਨ੍ਹਾਂ ਦੇ ਕਾਰੋਬਾਰ 'ਤੇ ਕਾਫ਼ੀ ਫ਼ਰਕ ਪਿਆ ਹੈ। ਬਹੁਤ ਸਾਰੇ ਕਾਰੋਬਾਰੀ ਗੰਭੀਰ ਚਿੰਤਾ ਵਿਚ ਦਿਖਾਈ ਦੇ ਰਹੇ ਹਨ। ਰਾਹਗੀਰ ਗੱਡੀਆਂ ਵਿੱਚੋਂ ਠੰਡਾ ਪਾਣੀ ਪੀ ਕੇ ਆਪਣੀ ਪਿਆਸ ਬੁਝਾ ਰਹੇ ਹਨ। ਬੀਤੇ ਚਾਰ-ਪੰਜ ਦਿਨਾਂ ਤੋਂ ਪੈ ਰਹੀ ਭਿਆਨਕ ਗਰਮੀ ਨੇ ਮਨੁੱਖੀ ਜੀਵਨ ਨੂੰ ਥੰਮ ਕੇ ਰੱਖ ਦਿੱਤਾ ਹੈ। ਅਸਮਾਨ ਤੋਂ ਵਰ ਰਹੀ ਧੁੱਪ ਅਤੇ ਗਰਮ ਹਵਾਵਾਂ ਨੇ ਇਨਸਾਨੀ ਜ਼ਿੰਦਗੀ ਨੂੰ ਘਰਾਂ 'ਚ ਕੈਦ ਕਰ ਕੇ ਰੱਖ ਦਿੱਤਾ ਹੈ। ਸ਼ਹਿਰ ਦੇ ਮੇਨ ਬਾਜ਼ਾਰਾਂ 'ਚ ਦੁਪਹਿਰ 12 ਵਜੇ ਤੋਂ ਬਾਅਦ ਹੱਥੀਂ ਚੁਣਨ ਯੋਗ ਲੋਕ ਵੀ ਨਹੀਂ ਦਿਖਾਈ ਦਿੰਦੇ। ਦੁਪਹਿਰੇ ਤਕ ਹਰ ਗਲੀ, ਨੁੱਕੜ ਤੇ ਸੜਕਾਂ ਸੁੰਨ ਹੋ ਜਾਂਦੀਆਂ ਹਨ। ਇਸ ਉਪਰੰਤ ਬਿਜਲੀ ਦੇ ਆਉਣ-ਜਾਣ ਨੇ ਲੋਕਾਂ ਦੀ ਮੁਸ਼ਿਕਲ ਹੋਰ ਵੀ ਵਧਾ ਦਿੱਤੀ ਹੈ। ਲੰਬੇ ਬਿਜਲੀ ਕੱਟਾਂ ਕਾਰਨ ਲੋਕਾਂ ਨੂੰ ਸਿਰਫ ਪੱਖੇ, ਕੂਲਰ ਜਾਂ ਏ. ਸੀ ਤੋਂ ਵਾਂਝੇ ਰਹਿਣਾ ਪੈਂਦਾ ਹੈ, ਸਗੋਂ ਬੱਚਿਆਂ ਅਤੇ ਬਜ਼ੁਰਗਾਂ ਦੀ ਸਿਹਤ ਵੀ ਖ਼ਤਰੇ 'ਚ ਪੈ ਰਹੀ ਹੈ। ਭਗਤਾਂਵਾਲਾ ਡੰਪ 'ਤੇ ਜੂਨ-ਜੁਲਾਈ ਮਹੀਨੇ ਵਿਚ ਜ਼ਿਆਦਾ ਕੂੜਾ ਇਕੱਠ ਹੋਣ 'ਤੇ ਭਿਆਨਕ ਅੱਗ ਲੱਗ ਜਾਂਦੀ ਹੈ ਅਤੇ ਸਥਾਨਕ ਲੋਕਾਂ ਨੂੰ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਫਾਇਰ ਬ੍ਰਿਗੇਡ ਦੀਆਂ 3 ਗੱਡੀਆਂ ਸਵੇਰੇ ਅਤੇ 3 ਗੱਡੀਆਂ ਸ਼ਾਮ ਨੂੰ ਭਗਤਾਂਵਾਲਾ ਡੰਪ 'ਤੇ ਬਾਰ-ਬਾਰ ਲੱਗਦੀ ਅੱਗ ਨੂੰ ਬੁਝਾਉਣਗੀਆਂ ਤਾਂ ਜੋ ਕੋਈ ਵੱਡਾ ਹਾਦਸਾ ਨਾ ਹੋ ਸਕੇ।



## ਨਿਹੰਗ ਸਿੰਘਾਂ ਦੇ ਬਾਣੇ ਵਿੱਚ ਆਏ ਨੌਜਵਾਨਾਂ ਨੇ ਦੁਕਾਨ 'ਚ ਵੜ ਕੇ ਕੀਤੀ ਭੰਨਤੋੜ ਤੇ ਕੁੱਟਮਾਰ, ਆਰਡਰ 'ਚ ਦੇਰੀ ਕਾਰਨ ਪੈਦਾ ਹੋਇਆ ਵਿਵਾਦ

**ਜਲੰਧਰ 12 ਜੂਨ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਵਿੱਚ ਮਿਲਾਪ ਚੌਕ 'ਤੇ ਨਿਹੰਗ ਸਿੰਘਾਂ ਦੇ ਬਾਣੇ ਵਿੱਚ ਆਏ ਨੌਜਵਾਨਾਂ ਨੇ ਚਾਪ ਦੀ ਦੁਕਾਨ ਵਿੱਚ ਵੜ ਕੇ ਖੁੱਲ੍ਹੇਆਮ ਤਲਵਾਰਾਂ ਲਹਿਰਾਈਆਂ ਤੇ ਭੰਨਤੋੜ ਕੀਤੀ। ਇਸ ਤੋਂ ਇਲਾਵਾ ਉਨ੍ਹਾਂ ਨੇ ਦੁਕਾਨ ਉਪਰ ਬੈਠੇ ਮਾਲਕਾਂ ਦੀ ਕੁੱਟਮਾਰ ਵੀ ਕੀਤੀ। ਘਟਨਾ ਨੂੰ ਅੰਜਾਮ ਦੇਣ ਤੋਂ ਬਾਅਦ ਦੋਸ਼ੀ ਭੱਜ ਗਏ। ਇਸ ਘਟਨਾ ਦੀ ਸੀਸੀਟੀਵੀ ਵੀਡੀਓ ਵੀ ਸਾਹਮਣੇ ਆਈ ਹੈ। ਹਮਲਾਵਰਾਂ ਨੇ ਆਰਡਰ ਵਿਚ ਦੇਰੀ ਕਾਰਨ ਬਹਿਸ ਮਗਰੋਂ ਇਸ ਵਾਰਦਾਤ ਨੂੰ ਅੰਜਾਮ ਦਿੱਤਾ। ਪੀੜਤ ਦੁਕਾਨਦਾਰ ਨੇ ਕਿਹਾ ਕਿ ਹਮਲਾਵਰਾਂ ਨੇ ਆਰਡਰ ਵਿੱਚ ਦੇਰੀ ਕਾਰਨ ਹਮਲਾ ਕੀਤਾ ਹੈ। ਹੈਰਾਨੀ ਦੀ ਗੱਲ ਹੈ ਕਿ ਪੁਲਿਸ ਥਾਣਾ ਘਟਨਾ ਵਾਲੀ ਥਾਂ ਤੋਂ ਥੋੜ੍ਹੀ ਦੂਰੀ 'ਤੇ ਸਥਿਤ ਹੈ। ਇਸ ਦੇ ਬਾਵਜੂਦ ਹਮਲਾਵਰਾਂ ਨੇ ਨੰਗੀਆਂ ਤਲਵਾਰਾਂ ਲਹਿਰਾਈਆਂ। ਜਾਣਕਾਰੀ ਅਨੁਸਾਰ ਬੀਤੇ ਦਿਨੀ ਚਾਰ ਨੌਜਵਾਨ ਚਾਪ ਖਾਣ ਲਈ ਉਸਦੀ ਦੁਕਾਨ 'ਤੇ ਆਏ ਅਤੇ ਆਰਡਰ ਵਿੱਚ ਦੇਰੀ ਨੂੰ ਲੈ ਕੇ ਉਹ ਦੁਕਾਨਦਾਰ ਨਾਲ ਬਹਿਸ ਕਰਨ ਲੱਗ ਪਏ। ਦੁਕਾਨਦਾਰ ਅਨੁਸਾਰ ਬਹਿਸ ਤੋਂ ਬਾਅਦ ਮਾਮਲਾ ਖਤਮ ਹੋ ਗਿਆ ਸੀ। ਇਸ ਤੋਂ ਬਾਅਦ ਬੀਤੇ ਕੱਲ 12 ਤੋਂ 15 ਨੌਜਵਾਨ ਆਏ ਅਤੇ ਦੁਕਾਨ 'ਤੇ ਮੌਜੂਦ ਮੇਰੇ ਅਤੇ ਮੇਰੇ ਭਰਾਵਾਂ 'ਤੇ ਹਮਲਾ ਕਰ ਦਿੱਤਾ। ਪੀੜਤ ਦਾ ਕਹਿਣਾ ਹੈ ਕਿ ਘਟਨਾ ਨੂੰ ਅੰਜਾਮ ਦੇਣ ਤੋਂ ਪਹਿਲਾਂ ਉਸਨੂੰ ਕਿਸ਼ਨਪੁਰਾ ਦੇ ਇੱਕ ਵਿਅਕਤੀ ਦਾ ਫੋਨ ਵੀ ਆਇਆ ਸੀ। ਫੋਨ 'ਤੇ ਉਸ ਵਿਅਕਤੀ ਨੇ ਉਸਨੂੰ ਦੁਕਾਨ ਤੋਂ ਸਾਇਡ 'ਤੇ ਹੋਣ ਲਈ ਕਿਹਾ ਸੀ ਕਿਉਂਕਿ ਹਮਲਾਵਰ ਘਟਨਾ ਨੂੰ ਅੰਜਾਮ ਦੇਣ ਲਈ ਉਸਦੀ ਦੁਕਾਨ 'ਤੇ ਆ ਰਹੇ ਹਨ। ਮੌਕੇ 'ਤੇ ਪਹੁੰਚੀ ਪੁਲਿਸ ਵੱਲੋਂ ਤਿੰਨ ਪੀੜਤ ਭਰਾਵਾਂ ਦੇ ਬਿਆਨ ਦਰਜ ਕੀਤੇ ਗਏ ਹਨ। ਪੁਲਿਸ ਦਾ ਕਹਿਣਾ ਹੈ ਕਿ ਇਸ ਮਾਮਲੇ ਵਿੱਚ ਜਲਦੀ ਹੀ ਦੋਸ਼ੀਆਂ ਵਿਰੁੱਧ ਕਾਰਵਾਈ ਕੀਤੀ ਜਾਵੇਗੀ। ਜਾਣਕਾਰੀ ਦਿੰਦੇ ਹੋਏ ਚਸ਼ਮਦੀਦ ਰਾਹੁਲ ਨੇ ਦੱਸਿਆ ਕਿ ਦੁਕਾਨਦਾਰ ਨਾਲ ਆਰਡਰ ਵਿੱਚ ਦੇਰੀ ਨੂੰ ਲੈ ਕੇ ਝਗੜਾ ਹੋਇਆ ਸੀ। ਇਸ ਸਬੰਧੀ ਨਿਹੰਗ ਸਿੰਘਾਂ ਦੇ ਬਾਣੇ ਵਿੱਚ ਆਏ ਨੌਜਵਾਨਾਂ ਨੇ ਹਮਲਾ ਕਰ ਦਿੱਤਾ। ਸਾਰਿਆਂ ਦੇ ਹੱਥਾਂ ਵਿੱਚ ਤਲਵਾਰਾਂ ਸਨ।






# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।


★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net

ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ / ਕਿਰਤ ਕਰੋ / ਵੰਡ ਛਕੋ — Naam Japo / Kirat Karo / Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ — WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net



ਆਵਾਜ਼ਿ ਕੌਮ
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV




ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ - ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# 29ਵਾਂ ਸਲਾਨਾ ਜੋੜ ਮੇਲਾ

# ਗੁਰਮਤਿ ਸਮਾਗਮ

## 1 ਨਵੰਬਰ 2025, ਦਿਨ ਸ਼ਨੀਵਾਰ ਨੂੰ

## ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ ਭਿੰਡਰਾਂ ਵਾਲੇ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੁਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੁਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com

E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV


SOUTHALL
ਆਵਾਜ਼ਿ ਕੌਮ
AWAZE QAUM
International Newspaper & WEB TV
ਅੰਮ੍ਰਿਤ ਸੰਚਾਰ
AMRIT SANCHAR
SUNDAY
15TH JUN
AT 12:30PM
GURDWARA SRI GURU SINGH SABHA
2-8 PARK AVE | SOUTHALL | UB1 3AG
ਕੇਸੀ ਇਸ਼ਨਾਨ ਕਰਕੇ ਪਹੁੰਚੋ । ਕੱਕਾਰ ਉਪਲਬਧ ਹੋਣਗੇ
ARRIVE AFTER DOING FULL KESI ISHNAAN
(BODY & HAIR WASH)
CONTACT 07940 270 120 FOR MORE DETAILS

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



ਪੀਓ ਪਾਹੁਲ ਖੰਡਧਾਰ ਹੋਇ ਜਨਮ ਸੁਹੇਲਾ ।।

# ਅੰਮ੍ਰਿਤ ਸੰਚਾਰ

☛ ਦਿਨ ਸ਼ਨਿੱਚਰਵਾਰ 14 ਜੂਨ 2025 ☛ ਜੂਨ 1984 ਦੇ ਸਮੂਹ ਸ਼ਹੀਦਾਂ ਨੂੰ ਸਮਰਪਿਤ ਅੰਮ੍ਰਿਤ ਸੰਚਾਰ ਕਰਵਾਏ ਜਾ ਰਹੇ ਹਨ।



ਕੱਕਾਰ ਗੁਰਦੁਆਰਾ ਸਾਹਿਬ ਵੱਲੋਂ ਭੇਟਾ ਰਹਿਤ ਮਿਲਣਗੇ

ਸਮਾਂ ਦੁਪਹਿਰ 12 :00 ਵਜੇ ਅੰਮ੍ਰਿਤ ਅਭਿਲਾਖੀ ਨੇ ਗੁਰਦੁਵਾਰਾ ਸਾਹਿਬ ਪਹੁੰਚਣ ਦੀ ਕੋਸ਼ਿਸ਼ ਕਰਨੀ

☛ ਅੰਮ੍ਰਿਤ ਅਭਿਲਾਖੀ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਅੰਮ੍ਰਿਤ ਅਭਿਲਾਖੀ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778


ANNUAL AKHAND KEERTAN SMAGAM
2025
INTERNATIONAL
AKHAND KEERTAN
SMAGAM
COLOGNE, GERMANY
ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਅਤੇ ਸਮੂਹ ਸ਼ਹੀਦਾਂ ਨੂੰ ਸਮਰਪਿਤ
Dedicated to shaheedi of Sri Guru Arjan Dev Ji and in honour of the Shaheeds
FRIDAY 13th JUNE to SUNDAY 15th JUNE
13th JUNE FRIDAY
REHRAAS SAHIB - 6 PM
AKHAND KEERTAN - 6:30 -10 PM
14th JUNE SATURDAY
ASA KI VAAR
6 -11 AM
ANNUAL RAENSBAAYEE KEERTAN
SATURDAY 14TH JUNE 6:30PM-4AM
HAFTAVAARI DIWAAN
SUNDAY 15TH JUNE 11-2 PM
GURDWARA SRI DASHMESH SINGH SABHA
KALK-MÜLHEIMER STRASSE 299, 51065 COLOGNE, GERMANY
FOR MORE INFORMATION
CONTACT: +49 176 34335326 / +49 176 61341108
NEAREST AIRPORT: CGN (COLOGNE BONN AIRPORT)
ਆਪ ਜੀ ਨੇ ਦਰਸ਼ਨ ਦੇਣ ਦੀ ਕ੍ਰਿਪਾਲਤਾ ਕਰਨੀ ਜੀ
AKHAND KIRTANI JATHA
INTERNATIONAL
LIVE BROADCAST
youtube.com/@akjdotorg

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥


# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

Gurdwara Sahib Shaeed Baba Deep Singh ji Casalmorano Cremona (Italy)




# ਮਹਾਨ ਅਵਤਾਰ ਪੁਰਬ

☛ ਜੋੜ ਮੇਲਾ ਗੁਰਦੁਆਰਾ ਰੀਠਾ ਸਾਹਿਬ ਜੀ (ਪਿਥੌਰਾਗੜ੍ਹ) ਉਤਰਾਖੰਡ ☛ ☛ ਅਵਤਾਰ ਪੁਰਬ ਧੰਨ ਧੰਨ ਸ਼੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ☛ ਜਨਮ ਦਿਹਾੜਾ ਸ਼੍ਰੋਮਣੀ ਭਗਤ ਭਗਤ ਕਬੀਰ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।



ਸ਼ਨਿੱਚਰਵਾਰ 14 ਜੂਨ ਸ਼ਾਮ 5 ਤੋਂ 8 ਵਜ਼ੇ ਤੱਕ ਦੀਵਾਨ ਸਜਣਗੇ।

ਐਤਵਾਰ 15 ਜੂਨ 2025 ਨੂੰ 6:30 ਵਜੇ ਸਵੇਰੇ ਚੋਪੈਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸੱਜਣਗੇ।

ਕਥਾ ਵਾਚਕ ਭਾਈ ਸਕੱਤਰ ਸਿੰਘ ਅੰਮ੍ਰਿਤਸਰ ਵਾਲੇ ਕਥਾ ਰਾਹੀਂ ਗੁਰਬਾਣੀ ਕਥਾ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਅੰਮ੍ਰਿਤ ਅਭਿਲਾਖੀ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਅੰਮ੍ਰਿਤਸਰ ਤੋਂ ਮਹਿਤਾ ਲੰਬੇ ਅਰਸੇ ਤੋਂ ਬੰਦ ਪਈ ਬੱਸ ਸੇਵਾ ਨੂੰ ਕੀਤਾ ਸ਼ੁਰੂ ਸਵੇਰੇ 6:30 'ਤੇ ਚਲੇਗੀ

# ਬੱਸ ਕੈਬਿਨਟ ਮੰਤਰੀ ਸ੍ਰ ਈ.ਟੀ.ਓ ਨੇ ਦਿੱਤੀ ਹਰੀ ਝੰਡੀ




**ਜੰਡਿਆਲਾ ਗੁਰੂ, 12 ਜੂਨ ( ਕੁਲਵੰਤ ਸਿੰਘ ਵਿਰਦੀ )**-ਮੁੱਖ ਮੰਤਰੀ ਪੰਜਾਬ ਸ੍ਰ ਭਗਵੰਤ ਸਿੰਘ ਮਾਨ ਦੀ ਸਰਕਾਰ ਵੱਲੋਂ ਪੰਜਾਬ ਰਾਜ ਵਿੱਚ ਲੋਕ ਭਲਾਈ ਅਤੇ ਲੋਕ ਸਹੂਲਤਾਂ ਦੇਣ ਲਈ ਹਮੇਸ਼ਾਂ ਹੀ ਵਚਨਬੱਧ ਤੇ ਯਤਨਸ਼ੀਲ ਰਹਿੰਦੀ ਹੈ ਅਤੇ ਇਸੇ ਹੀ ਲੜੀ ਤਹਿਤ ਲੋਕ ਸਹੂਲਤਾਂ ਵਿੱਚ ਇਕ ਕਦਮ ਹੋਰ ਵਧਾ ਕੇ ਅੰਮ੍ਰਿਤਸਰ ਤੋਂ ਮਹਿਤਾ ਰੂਟ ਦੀ ਪਿਛਲੇ ਲੰਬੇ ਸਮੇਂ ਤੋਂ ਬੰਦ ਪਈ ਬੱਸ ਸੇਵਾ ਨੂੰ ਮੁੜ ਸ਼ੁਰੂ ਕੀਤਾ ਹੈ ਜਿਸ ਨਾਲ ਲੋਕਾਂ ਨੂੰ ਕਾਫੀ ਸਹੂਲਤ ਮਿਲੇਗੀ। ਇਨ੍ਹਾਂ ਸ਼ਬਦਾ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਪੰਜਾਬ ਸ੍ਰ ਹਰਭਜਨ ਸਿੰਘ ਈ:ਟੀ:ਓ ਨੇ ਝੰਡੀ ਦੇ ਕੇ ਮੁੜ ਅੰਮ੍ਰਿਤਸਰ ਤੋਂ ਮਹਿਤਾ ਰੂਟ ਦੀ ਬੱਸ ਸੇਵਾ ਨੂੰ ਸ਼ੁਰੂ ਕਰਨ ਉਪਰੰਤ ਕੀਤਾ। ਉਨ੍ਹਾਂ ਦੱਸਿਆ ਕਿ ਬੱਸ ਸੇਵਾ ਡਰਾਈਵਰਾਂ ਦੀ ਘਾਟ ਕਰਕੇ ਪਿਛਲੇ ਲੰਬੇ ਸਮੇਂ ਤੋਂ ਬੰਦ ਸੀ, ਜੋ ਸਰਕਾਰ ਵੱਲੋਂ ਨਵੀਂ ਭਰਤੀ ਕਰਨ ਨਾਲ ਮੁੜ ਇਸ ਪਬਲਿਕ ਟਰਾਂਸਪੋਰਟ ਨੂੰ ਸ਼ੁਰੂ ਕੀਤਾ ਹੈ ਜਿਸ ਨਾਲ ਲੋਕਾਂ ਨੂੰ ਕਾਫੀ ਸਹੂਲਤ ਮਿਲੇਗੀ। ਉਨ੍ਹਾਂ ਦੱਸਿਆ ਕਿ ਇਸ ਬੱਸ ਸੇਵਾ ਦੇ ਚਾਲੂ ਹੋਣ ਨਾਲ ਦਬੁਰਜੀ, ਮਾਨਾਂਵਾਲਾ, ਜੰਡਿਆਲਾ, ਮੱਲੀਆਂ, ਟਾਂਗਰਾ, ਚੌਹਾਨ, ਖਿਲਚੀਆਂ, ਬਾਣੀਆਂ, ਧੂਲਕਾ, ਬੇਰੀ ਡੇਹਰੀਵਾਲ, ਕਾਲੇਕੇ, ਜਸਪਾਲ, ਸਿੰਘਪੁਰਾ, ਕੋਟ ਹਯਾਤ, ਸੈਦਪੁਰ, ਮਹਿਸਮਪੁਰ, ਜਲਾਲਉਸਮਾਂ, ਨਾਥ ਦੀ ਖੂਹੀ, ਭਦੇਹ, ਉਦੋਨੰਗਲ ਦੇ ਵਸਨੀਕਾਂ, ਸਕੂਲਾਂ ਕਾਲਜਾਂ ਦੇ ਵਿਦਿਆਰਥੀਆਂ ਨੂੰ ਕਾਫੀ ਸਹੂਲਤ ਮਿਲੇਗੀ। ਕੈਬਨਿਟ ਮੰਤਰੀ ਈ:ਟੀ:ਓ ਨੇ ਦੱਸਿਆ ਕਿ ਇਹ ਬੱਸ ਮਹਿਤਾ ਤੋਂ ਰੋਜਾਨਾ ਸਵੇਰੇ 6:30 ਵਜੇ ਚੱਲ ਕੇ ਸਵੇਰੇ 8:30 ਵਜੇ ਤੱਕ ਅੰਮ੍ਰਿਤਸਰ ਪੁੱਜੇਗੀ ਅਤੇ ਇਸੇ ਤਰ੍ਹਾ ਸ਼ਾਮ 15:30 ਵਜੇ ਚੱਲ ਕੇ 17:30 ਵਜੇ ਮਹਿਤਾ ਵਿਖੇ ਰੋਜਾਨਾ ਬੰਦ ਹੋਵੇਗੀ। ਸ੍ਰ ਈ:ਟੀ:ਓ ਨੇ ਦੱਸਿਆ ਕਿ ਖਾਸ ਤੌਰ ਤੇ ਅਧਾਰ ਕਾਰਡ ਦੀ ਸਹੂਲਤ ਵਾਲੀਆਂ ਮਹਿਲਾਵਾਂ ਨੂੰ ਮੁਫਤ ਸਫਰ ਦਾ ਵਧੇਰੇ ਲਾਭ ਪ੍ਰਾਪਤ ਹੋਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਟਰਾਂਸਪੋਰਟ ਵਿਭਾਗ ਵੱਲੋਂ ਲੰਬੇ ਅਤੇ ਲੋਕਲ ਰੂਟਾਂ ਤੇ ਸਰਕਾਰੀ ਬੱਸ ਸੇਵਾ ਪਹੁੰਚਾਉਣ ਲਈ ਯਤਨਸ਼ੀਲ ਹੈ ਤਾਂ ਜੋ ਲੋਕਾਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਾ ਆਵੇ। ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਆਮ ਲੋਕਾਂ ਦੀ ਸਰਕਾਰ ਹੈ ਅਤੇ ਸਾਡਾ ਫਰਜ ਬਣਦਾ ਹੈ ਕਿ ਅਸੀਂ ਆਮ ਲੋਕਾਂ ਦੇ ਹਿੱਤਾਂ ਨੂੰ ਪਹਿਲ ਦੇਈਏ ਤਾਂ ਜੋ ਇਨ੍ਹਾਂ ਨੂੰ ਕਿਸੇ ਕਿਸਮ ਦੀ ਕੋਈ ਮੁਸ਼ਕਲ ਪੇਸ਼ ਨਾ ਆਵੇ। ਇਸ ਮੌਕੇ ਪੰਜਾਬ ਰੋਡਵੇਜ ਅੰਮ੍ਰਿਤਸਰ -1 ਡਿਪੂ ਜਨਰਲ ਮੈਨੇਜਰ ਸ੍ਰ ਪਰਮਜੀਤ ਸਿੰਘ ਸੰਧੂ, ਪੰਜਾਬ ਰੋਡਵੇਜ ਅੰਮ੍ਰਿਤਸਰ -2 ਡਿਪੂ ਜਨਰਲ ਮੈਨੇਜਰ ਹਰਬਰਿੰਦਰ ਸਿੰਘ ਗਿੱਲ, ਇੰਸਪੈਕਟਰ ਮਨਿੰਦਰ ਸਿੰਘ, ਇੰਸਪੈਕਟਰ ਰਵਿੰਦਰ ਸਿੰਘ ਤੋਂ ਇਲਾਵਾ ਟਰਾਂਸਪੋਰਟ ਵਿਭਾਗ ਦੇ ਹੋਰ ਕਰਮਚਾਰੀ ਵੀ ਹਾਜਰ ਸਨ।

**ਅੰਮ੍ਰਿਤਸਰ ਤੋਂ ਸਾਮ 3 : 30 ਤੇ ਚਲ ਕਿ ਵਾਇਆ ਜੰਡਿਆਲਾ ਗੁਰੂ ਤੋਂ ਵੱਖ ਵੱਖ ਪਿੰਡਾਂ ਤੋਂ ਹੁੰਦੀ ਹੋਈ ਪਹੁਚੇਗੀ ਮਹਿਤੇ**

ਪੈਰੋਸ਼ਾਹ ਪਿੰਡ ਸਲਾਨਾ 45 ਟਨ ਕੂੜੇ ਤੋਂ

# 5 ਟਨ ਜੈਵਿਕ ਖਾਦ ਕਰਦਾ ਹੈ ਤਿਆਰ - ਸਰਪੰਚ ਸੁਖਰਾਜ ਸਿੰਘ ਕਾਹਲੋਂ





**ਚੌਕ ਮਹਿਤਾ, 12 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਅੱਜ ਪਿੰਡਾਂ ਅਤੇ ਸ਼ਹਿਰਾਂ ਵਿੱਚ ਕੂੜੇ ਦੇ ਢੇਰ ਲੱਗੇ ਹੋਏ ਹਨ ਅਤੇ ਇਹ ਕੂੜੇ ਦੇ ਢੇਰ ਗੰਦਗੀ ਦਾ ਸਭ ਤੋਂ ਵੱਡਾ ਸਰੋਤ ਹਨ ਉੱਥੇ ਹੀ ਜਿਲਾ ਗੁਰਦਾਸਪੁਰ ਦੀ ਇੱਕ ਪੰਚਾਇਤ ਪੇਰੋਸ਼ਾਹ ਹੈ, ਜਿਸ ਨੇ ਪਿੰਡ ਦੇ ਕੂੜੇ ਨੂੰ ਆਮਦਨ ਦਾ ਸਾਧਨ ਬਣਾਇਆ ਹੈ।

ਪੰਚਾਇਤ ਦੇ ਸਹਿਯੋਗ ਨਾਲ ਪਿੰਡ ਵਿੱਚ ਸੋਲਡ ਵੇਸਟ ਮੈਨੇਜਮੈਂਟ ਪ੍ਰੋਜੈਕਟ ਲਗਾਇਆ ਹੈ, ਜਿਸ ਤਹਿਤ ਗਿੱਲੇ ਅਤੇ ਸੁੱਕੇ ਕੂੜੇ ਦਾ ਨਿਪਟਾਰਾ ਕੀਤਾ ਜਾਂਦਾ ਹੈ, ਗਿੱਲਾ ਕੂੜਾ ਜਿਸ ਵਿੱਚ ਫਲਾਂ ਅਤੇ ਸਬਜ਼ੀਆਂ ਦੇ ਛਿਲਕੇ ਅਤੇ ਰਸੋਈ ਦੇ ਵੇਸਟ ਨੂੰ ਇੱਕ ਪਿੱਟ ਵਿੱਚ ਵਿਧੀਵਤ ਪਾਇਆ ਜਾਂਦਾ ਹੈ ਅਤੇ ਡੀ ਕੰਬੋਜ ਵਿਧੀ ਰਾਹੀਂ ਉਸ ਨੂੰ ਜੈਵਿਕ ਖਾਦ ਦੇ ਰੂਪ ਵਿੱਚ ਤਬਦੀਲ ਕੀਤਾ ਜਾਂਦਾ ਹੈ।

ਇਸ ਸਬੰਧੀ ਅਗਾਂਹਵਧੂ ਸਰਪੰਚ ਸੁਖਰਾਜ ਸਿੰਘ ਪੈਰੋਸ਼ਾਹ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੋਲਡ ਵੇਸਟ ਮੈਨੇਜਮੈਂਟ ਪ੍ਰੋਜੈਕਟ 2020 ਵਿੱਚ ਚਾਲੂ ਕੀਤਾ ਗਿਆ ਸੀ, ਜਿਸ ਰਾਹੀ ਪਿੰਡ ਵਿੱਚੋਂ ਹਰੇਕ ਸਾਲ 25 ਟਨ ਗਿੱਲਾ ਕੂੜਾ ਅਤੇ 20 ਟਨ ਸੁੱਕਾ ਕੂੜਾ ਇਕੱਤਰ ਕੀਤਾ ਜਾਂਦਾ ਹੈ ਅਤੇ ਗਿੱਲੇ ਕੂੜੇ ਤੋਂ ਪੰਜ ਟਨ ਹਰ ਸਾਲ ਜੈਵਿਕ ਖਾਦ ਤਿਆਰ ਕੀਤੀ ਜਾਂਦੀ ਹੈ ਅਤੇ ਸੁੱਕੇ ਕੂੜੇ ਨੂੰ ਵੇਚਿਆ ਜਾਂਦਾ ਹੈ ਜਿਸ ਤੋਂ ਪੰਚਾਇਤ ਨੂੰ ਆਮਦਨ ਹੁੰਦੀ ਹੈ ਜਿਸ ਨਾਲ ਇਹ ਸਾਰਾ ਪ੍ਰੋਜੈਕਟ ਚਲਦਾ ਹੈ।

ਇਸ ਮੌਕੇ ਸਰਪੰਚ ਕਾਹਲੋ ਨੇ ਦੱਸਿਆ ਕਿ ਔਰਗੈਨਿਕ ਖਾਦ ਖੇਤੀ ਅਤੇ ਪੌਦਿਆਂ ਲਈ ਬਹੁਤ ਹੀ ਲਾਹੇਵੰਦ ਹੈ,ਜੋ ਪੌਦੇ ਵਧ ਫੁੱਲ ਨਹੀ ਰਹੇ ਜਾਂ ਫਲ਼ ਨਹੀ ਆ ਰਿਹਾ ਜਾਂ ਫਲ ਝੜ ਜਾਂਦਾ ਹੈ। ਉਨਾ ਪੌਦਿਆਂ ਲਈ ਵਰਦਾਨ ਹੈ, ਇਹ ਧਰਤੀ ਨੂੰ ਪੋਲਾ ਕਰਨ ਅਤੇ ਫਲਦਾਰ ਬੂਟਿਆਂ ਨੂੰ ਖੋਏ ਵਾਂਗ ਲੱਗਦੀ ਹੈ। ਇਹ 16 ਕਿਸਮ ਦੇ ਸੂਖਮ ਤੱਤਾਂ ਨਾਲ ਭਰਪੂਰ ਹੈ। ਜਿਵੇਂ ਮੈਗਨੀਸ਼ੀਅਮ , ਸੋਡੀਅਮ ਜਿੰਕ ਫਾਸਫੋਰਸ ਪੋਟਾਸ਼ੀਅਮ, ਕੈਲਸ਼ੀਅਮ ਤੇ ਕਾਪਰ ਆਦਿ ਤੱਤ ਸ਼ਾਮਲ ਹਨ।

ਉਨ੍ਹਾਂ ਦੱਸਿਆ ਕਿ ਇਹ ਘਰੇਲੂ ਬਗ਼ੀਚੀ ਲਈ ਵਰਦਾਨ ਹੈ। ਪਿੰਡ ਵਾਸੀ ਅਤੇ ਹੋਰ ਵਾਤਾਵਰਨ ਪ੍ਰੇਮੀ ਲਗਾਤਾਰ ਇਸ ਜੈਵਿਕ ਖਾਦ ਦੀ ਵਰਤੋਂ ਕਰਕੇ ਆਪਣੀਆਂ ਘਰੇਲੂ ਬਗੀਚੀਆਂ ਵਿੱਚ ਵਰਤੋਂ ਕਰ ਰਹੇ ਹਨ ਅਤੇ ਔਰਗੈਨਿਕ ਫਲ ਸਬਜ਼ੀਆਂ ਉਗਾ ਰਿਹਾ ਹਨ, ਇਹ ਫਲਾਂ, ਸਬਜੀਆਂ ਅਤੇ ਰਸੋਈ ਦੀ ਵੇਸਟ ਤੋਂ ਬਣੇ ਹੋਣ ਕਰਕੇ ਇਸ ਵਿੱਚ ਕੈਮੀਕਲ ,ਹੈਵੀ ਮੈਟਲ ,ਮਾਈਕਰੋ ਪਲਾਸਟਿਕ ਵਗੈਰਾ ਬਿਲਕੁੱਲ ਵੀ ਨਹੀਂ ਹੁੰਦਾ।

ਉਨ੍ਹਾਂ ਕਿਹਾ ਕਿ ਇਸਦੀ ਵਰਤੋਂ ਕਰਕੇ ਤੁਸੀਂ ਇੱਕ ਤਰ੍ਹਾਂ ਕੁਦਰਤ ਦੀ ਸੇਵਾ ਵੀ ਨਿਭਾਓਗੇ ਅਤੇ ਕੈਮੀਕਲ ਖਾਦਾਂ ਤੋਂ ਵੀ ਰਾਹਤ ਪਾਓਗੇ,

ਸੋ ਸੋਲਿਡ ਵੇਸਟ ਮੈਨਿਜਮੈਂਟ ਪ੍ਰੋਜੈਕਟ ਦਾ ਪਿੰਡ ਵਾਸੀਆਂ ਨੂੰ ਵੱਡਾ ਲਾਭ ਹੋ ਰਿਹਾ ਹੈ। ਜਿਸ ਨਾਲ ਗੰਦਗੀ ਤੋਂ ਪੂਰਨ ਰੂਪ ਵਿੱਚ ਨਿਯਾਤ ਪਾ ਲਈ ਹੈ ਅਤੇ ਪਿੰਡ ਦਾ ਆਲਾ ਦੁਆਲਾ ਹਰਿਆ ਭਰਿਆ ਅਤੇ ਸਾਫ਼ ਸੁਥਰਾ ਹੋ ਗਿਆ ਹੈ।

**ਪੰਚਾਇਤ ਨੇ ਪਿੰਡ ਦੇ ਕੂੜੇ ਨੂੰ ਬਣਾਇਆ ਆਮਦਨ ਦਾ ਸਾਧਨ**

# ਮਾਇਪੀਆ, ਹਾਈਪਰਮੇਟ੍ਰੋਪੀਆ ਅਤੇ ਪ੍ਰੈਸਬਾਇਓਪੀਆ ਨੂੰ ਸਮਝਣਾ, ਕਾਰਣ, ਲੱਛਣ ਅਤੇ ਇਲਾਜ

## ਭਾਗ ਤੀਸਰਾ



**ਪ੍ਰੈਸਬਾਇਓਪੀਆ (ਉਮਰ ਨਾਲ ਸੰਬੰਧਿਤ ਦ੍ਰਿਸ਼ਟੀ ਵਿੱਚ ਬਦਲਾਅ)**

**ਕਾਰਣ:** ਪ੍ਰੈਸਬਾਇਓਪੀਆ ਰੋਗ ਇੱਕ ਕੁਦਰਤੀ ਲੱਛਣ ਹੈ ਜੋ ਆਮ ਤੌਰ 'ਤੇ ਉਮਰ ਦੇ 40ਵੇਂ ਦਹਾਕੇ ਵਿੱਚ ਸ਼ੁਰੂ ਹੁੰਦੀ ਹੈ। ਅੱਖ ਦਾ ਲੈਂਸ ਸੁੰਗੜ ਕੇ ਲਚਕੀਲਾ ਹੋ ਜਾਂਦਾ ਹੈ ਜਿਸ ਨਾਲ ਨੇੜੇ ਦੀਆਂ ਵਸਤੂਆਂ 'ਤੇ ਨਿਗਾਹ ਕੇਂਦਰਿਤ ਕਰਨਾ ਔਖਾ ਹੋ ਜਾਂਦਾ ਹੈ। ਇਹ ਹਾਲਤ ਉਮਰ ਦੇ ਵਧਣ ਨਾਲ ਹਰ ਕਿਸੇ ਨੂੰ ਪ੍ਰਭਾਵਿਤ ਕਰਦੀ ਹੈ ਚਾਹੇ ਉਹ ਪਹਿਲਾਂ ਕਿਸੇ (ਰਿਫਰੈਕਟਿਵ)ਦ੍ਰਿਸ਼ਟੀ ਰੋਗ ਨਾਲ ਪ੍ਰਭਾਵਿਤ ਹੋਏ ਹੋਣ।

**ਲੱਛਣ : ਛੋਟੀ ਛਾਪ ਨੂੰ ਪੜ੍ਹਨ ਵਿੱਚ ਮੁਸ਼ਕਿਲ**

ਪੜ੍ਹਨ ਦੀ ਸਮੱਗਰੀ ਨੂੰ ਆਮ ਦੂਰੀ ਤੋਂ ਦੂਰ ਰੱਖਣਾ

ਨੇੜੇ ਦੇ ਕਾਰਜਾਂ 'ਤੇ ਪੜ੍ਹਨ ਜਾਂ ਕਰਨ ਸਮੇਂ ਅੱਖਾਂ ਵਿੱਚ ਥਕਾਵਟ

ਨੇੜੇ ਦੇ ਕਾਰਜਾਂ 'ਤੇ ਧਿਆਨ ਕੇਂਦਰਿਤ ਕਰਨ ਤੋਂ ਸਿਰ ਦਰਦ

**ਇਲਾਜ: ਪ੍ਰੈਸਬਾਇਓਪੀਆ ਦੇ ਇਲਾਜ ਦੇ ਵਿਕਲਪ ਸ਼ਾਮਿਲ ਹਨ:**

ਪੜ੍ਹਨ ਵਾਲੀਆਂ ਐਨਕਾਂ: ਓਵਰ-ਦ-ਕਾਊਂਟਰ ਜਾਂ ਪ੍ਰਿਸਕ੍ਰਿਪਸ਼ਨ ਐਨਕਾਂ ਜੋ ਖਾਸ ਤੌਰ 'ਤੇ ਨੇੜੇ ਦੇ ਕਾਰਜਾਂ ਲਈ ਡਿਜ਼ਾਇਨ ਕੀਤੀਆਂ ਗਈਆਂ ਹਨ।

ਬਾਈਫੋਕਲ ਜਾਂ ਮਲਟੀਫੋਕਲ ਚਸ਼ਮਾ: ਇਹ ਲੈਂਸ ਦੂਰ ਅਤੇ ਨੇੜੇ ਦੀ ਦ੍ਰਿਸ਼ਟੀ ਲਈ ਵੱਖਰੀ ਵੱਖਰੀ ਪ੍ਰਿਸਕ੍ਰਿਪਸ਼ਨ ਪ੍ਰਦਾਨ ਕਰਦੇ ਹਨ।

ਕਾਂਟੈਕਟ ਲੈਂਸ: ਵਿਕਲਪਾਂ ਵਿੱਚ ਮਲਟੀਫੋਕਲ ਕੰਟੈਕਟ ਜਾਂ ਮੋਨੋਵਿਜ਼ਨ (ਇੱਕ ਅੱਖ ਲਈ ਦੂਰ ਅਤੇ ਦੂਜੇ ਲਈ ਨੇੜੇ) ਸ਼ਾਮਿਲ ਹਨ।

ਸਰਜੀਕਲ ਵਿਕਲਪ: LASIK ਜਾਂ ਲੈਂਸ ਇੰਪਲਾਂਟ ਵਰਗੀਆਂ ਪ੍ਰਕਿਰਿਆਵਾਂ ਉਹਨਾਂ ਲਈ ਵਿਚਾਰ ਕੀਤੀਆਂ ਜਾ ਸਕਦੀਆਂ ਹਨ ਜੋ ਇੱਕ ਸਥਾਈ ਹੱਲ ਦੀ ਖੋਜ ਕਰ ਰਹੇ ਹਨ।

ਮਾਇਪੀਆ, ਹਾਈਪਰਮੇਟ੍ਰੋਪੀਆ ਅਤੇ ਪ੍ਰੈਸਬਾਇਓਪੀਆ ਆਮ ਦ੍ਰਿਸ਼ਟੀ ਰੋਗ ਹਨ ਜੋ ਜੀਵਨ ਦੀ ਗੁਣਵੱਤਾ 'ਤੇ ਮਹੱਤਵਪੂਰਕ ਪ੍ਰਭਾਵ ਪਾ ਸਕਦੇ ਹਨ। ਨਿਯਮਤ ਅੱਖਾਂ ਦੀ ਜਾਂਚ, ਪਹਿਲਾਂ ਪਛਾਣ ਅਤੇ ਪ੍ਰਬੰਧਨ ਉਪਰੋਕਤ ਤਿੰਨਾਂ ਰੋਗਾਂ ਲਈ ਮਹੱਤਵਪੂਰਕ ਹੈ। ਐਨਕਾਂ, ਕੋਂਟੈਕਟ ਲੈਂਸ ਅਤੇ ਸਰਜਰੀ ਤਕਨੀਕਾਂ ਨਾਲ ਇਨ੍ਹਾਂ ਹਾਲਤਾਂ ਨਾਲ ਪ੍ਰਭਾਵਿਤ ਵਿਅਕਤੀ ਸਾਫ਼ ਦ੍ਰਿਸ਼ਟੀ ਪ੍ਰਾਪਤ ਕਰ ਸਕਦੇ ਹਨ ਅਤੇ ਆਪਣੇ ਜੀਵਨ ਨੂੰ ਸੁਧਾਰ ਸਕਦੇ ਹਨ। ਜੇ ਤੁਸੀਂ ਇਨ੍ਹਾਂ ਰਿਫਰੈਕਟਿਵ ਰੋਗਾਂ ਨਾਲ ਸੰਬੰਧਿਤ ਕੋਈ ਵੀ ਲੱਛਣ ਮਹਿਸੂਸ ਕਰਦੇ ਹੋ ਤਾਂ ਇੱਕ ਅੱਖਾਂ ਦੀ ਦੇਖਭਾਲ ਕਰਨ ਵਾਲੇ ਮਾਹਰ ਡਾਕਟਰ ਨਾਲ ਸੰਪਰਕ ਕਰੋ ਤਾਂ ਜੋ ਸਮੇਂ ਸਿਰ ਰੋਗ ਅਨੁਸਾਰ ਇਲਾਜ ਕੀਤਾ ਜਾ ਸਕੇ।

**-ਸੁਰਿੰਦਰਪਾਲ ਸਿੰਘ, ਵਿਗਿਆਨ ਅਧਿਆਪਕ ਸ੍ਰੀ ਅੰਮ੍ਰਿਤਸਰ ਸਾਹਿਬ।**

# ਕਵੀਆਂ ਦਾ ਮੇਲਾ ਪੰਜਾਬੀ ਭਵਨ ਲੁਧਿਆਣਾ ਵਿਖੇ 15 ਜੂਨ ਨੂੰ



**ਲੁਧਿਆਣਾ, 12 ਜੂਨ (ਆਵਾਜ਼ਿ ਕੌਮ ਬਿਊਰੋ)**-ਪ.ਰ.ਲੇ.ਸ. ਜ਼ਿਲ੍ਹਾ ਲੁਧਿਆਣਾ ਦੇ ਸਹਿਯੋਗ ਪ੍ਰਗਤੀਸ਼ੀਲ ਲੇਖਕ ਸੰਘ ਇਕਾਈ ਜ਼ਿਲ੍ਹਾ ਲੁਧਿਆਣਾ ਦੇ ਨਾਲ 'ਅਦਾਰਾ ਪੰਜਾਬ ਸੋਚਦਾ' ਅਤੇ ਉਮਰਾਂ ਦੀ ਸਾਂਝ ਮੰਚ' ਵੱਲੋਂ ਪੁਸਤਕ ਲੋਕ ਅਰਪਣ ਤੇ ਕਵੀ ਦਰਬਾਰ ਕਰਵਾਇਆ ਜਾਵੇਗਾ। ਜਿਸ ਦੇ ਬਾਰੇ 'ਅਦਾਰਾ ਪੰਜਾਬ ਸੋਚਦਾ' ਦੇ ਮੁੱਖੀ ਪ੍ਰਗਟ ਸਿੰਘ ਗਿੱਲ ਬਾਗੀ (ਅਸਟ੍ਰੇਲੀਆ), 'ਉਮਰਾਂ ਦੀ ਸਾਂਝ' ਮੰਚ' ਦੀ ਪ੍ਰਧਾਨ ਇੰਦਰਜੀਤ ਕੌਰ ਵਡਾਲਾ ਅਤੇ ਗੁਰਮੀਤ ਸਿੰਘ ਘਣਗਸ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੰਜਾਬੀ ਭਵਨ ਲੁਧਿਆਣਾ ਵਿਖੇ 15 ਜੂਨ ਨੂੰ ਸਵੇਰੇ 9.30 ਵਜੇ ਕਰਵਾਏ ਜਾ ਰਹੇ ਸਮਾਗਮ ਦੀ ਪ੍ਰਧਾਨਗੀ ਉੱਘੇ ਲੇਖਕ ਅਤੇ ਫੋਟੋਗ੍ਰਾਫਰ ਜਨਮੇਜਾ ਸਿੰਘ ਜੌਹਲ, ਪ੍ਰਗਤੀਸ਼ੀਲ ਲੇਖਕ ਸੰਘ ਇਕਾਈ ਜ਼ਿਲ੍ਹਾ ਲੁਧਿਆਣਾ ਦੇ ਪ੍ਰਧਾਨ ਡਾ. ਗੁਲਜ਼ਾਰ ਸਿੰਘ ਪੰਧੇਰ ਅਤੇ ਜਨਰਲ ਸਕੱਤਰ ਜਸਵੀਰ ਸਿੰਘ ਝੱਜ ਕਰਨਗੇ। ਇਸ ਸਮਾਗਮ ਵਿਚ ਗੁਰਮੀਤ ਸਿੰਘ ਘਣਗਸ ਅਤੇ ਸੁਖਜਿੰਦਰ ਸਿੰਘ ਭੰਗਚੜ੍ਹੀ ਦੁਆਰਾ ਸੰਪਾਦਿਤ, ਸੌ ਸ਼ਾਇਰਾਂ ਦਾ ਸਾਂਝਾ ਕਾਵਿ ਸੰਗ੍ਰਹਿ 'ਕਲਮਾਂ ਬੋਲਦੀਆਂ', ਹਰਕੰਵਲ ਸਿੰਘ ਮੈਣੀ (ਸਵਰਗੀ) ਦੀ ਪੁਸਤਕ 'ਯਾਦਾਂ ਦੀ ਪੈੜ' ਅਤੇ ਰਮਿੰਦਰ ਸਿੰਘ ਅੰਬਰਸਰੀ ਦੀ ਪੁਸਤਕ 'ਔਕਾਤ' ਲੋਕ ਅਰਪਣ ਕੀਤੀ ਜਾਵੇਗੀ। 'ਹਰਕੰਵਲ ਸਿੰਘ ਮੈਣੀ' ਅਤੇ ਭੈਣ 'ਅਮਨਦੀਪ ਕੌਰ ਸਰਨਾ' ਨੂੰ ਸਮਰਪਿਤ, ਹਾਜ਼ਰ ਸ਼ਾਇਰਾਂ ਦਾ ਕਵੀ ਦਰਬਾਰ ਹੋਵੇਗਾ।

# ਸਿੱਖ ਨੌਜਵਾਨ ਦੀ ਕੁੱਟਮਾਰ ਕਰਨ ਵਾਲਿਆਂ ਤੇ ਹੋਵੇ ਕਾਰਵਾਈ—ਜਥੇਦਾਰ ਸੁਖਦੇਵ ਸਿੰਘ ਖਾਲਸਾ



**ਫ਼ਿਰੋਜ਼ਪੁਰ, 12 ਜੂਨ (ਮਨੋਹਰ ਲਾਲ) :—** ਕਾਰ ਵਿਚ ਜਾ ਰਹੇ ਸਿੱਖ ਨੌਜਵਾਨ ਦੀ ਕੀਤੀ ਗਈ ਕੁੱਟਮਾਰ ਅਤੇ ਉਸ ਦੇ ਕੰਕਾਰਾਂ ਦੀ ਹੋਈ ਬੇਅਦਬੀ ਦੇ ਚਲਦਿਆਂ ਬਿਨ੍ਹਾਂ ਦੇਰੀ ਪੁਲਿਸ ਮੁਕੱਦਮਾ ਦਰਜ ਕਰਕੇ ਦੋਸ਼ੀਆਂ ਵਿਰੁੱਧ ਹੋਵੇ ਕਾਰਵਾਈ। ਇਹ ਬਿਆਨ ਜਾਰੀ ਕਰਦਿਆਂ ਜਥੇਦਾਰ ਭਾਈ ਸੁਖਦੇਵ ਸਿੰਘ ਖਾਲਸਾ ਮੁੱਖ ਬੁਲਾਰਾ ਦਮਦਮੀ ਟਕਸਾਲ ਨੇ ਸਾਂਝਾ ਕਰਦਿਆਂ ਕਿਹਾ ਕਿ ਬੀਤੇ ਦਿਨ ਸ੍ਰੀ ਮੁਕਤਸਰ ਸਾਹਿਬ ਵਿਖੇ ਸ਼ਿ. ਸੈਨਾ ਵੱਲੋਂ ਇਕ ਗੁਰਸਿੱਖ ਨੌਜਵਾਨ ਨੂੰ ਬੁਰੀ ਤਰ੍ਹਾਂ ਨਾਲ ਕੁਟਿਆ ਗਿਆ ਹੈ ਅਤੇ ਉਸ ਦੇ ਕੰਕਾਰਾਂ ਦੀ ਬੇਅਦਬੀ ਕਰਨ ਦਾ ਘੋਰ ਅਪਰਾਧ ਕੀਤਾ ਹੈ, ਜਿਸ ਵਿਰੁੱਧ ਕਾਰਵਾਈ ਹੋਣਾ ਲਾਜਮੀ ਹੈ। ਉਨ੍ਹਾਂ ਕਿਹਾ ਕਿ ਮੈਂ ਉਕਤ ਸ਼ਿਵ ਸੈਨਾ ਆਗੂਆਂ ਦੀ ਸਖਤ ਸ਼ਬਦਾਂ ਵਿਚ ਨਿਖੇਧੀ ਕਰਦਾ ਹੋਇਆ ਪੁਲਿਸ ਪ੍ਰਸ਼ਾਸਨ ਨੂੰ ਅਪੀਲ ਕਰਦਾ ਹਾਂ ਕਿ ਉਹ ਬਿਨ੍ਹਾਂ ਦੇਰੀ ਇਸ ਮਾਮਲੇ ਵਿਚ ਕਾਰਵਾਈ ਕਰਕੇ ਸਿੱਖ ਨੌਜਵਾਨ ਨੂੰ ਇਨਸਾਫ ਦੇਣ ਤਾਂ ਜ਼ੋ ਭਵਿੱਖ ਵਿਚ ਅਜਿਹੀਆਂ ਘਟਨਾਵਾਂ ਵਾਪਰਣ ਤੋਂ ਬਚ ਸਕਣ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਅੱਜ ਜਨਮ ਦਿਨ ’ਤੇ ਵਿਸ਼ੇਸ਼

# ਮਾਨਵੀ ਗੁਣਾਂ ਦਾ ਮੁਜੱਸਮਾ - ਦਸਮ ਪਿਤਾ ਦਾ ਲਾਡਲਾ ਪੀਰ ਬੁੱਧੂ ਸ਼ਾਹ

**ਧਰਮ** ਦੀਆਂ ਪੱਕੀਆਂ ਤੇ ਤੰਗ ਸੀਮਾਵਾਂ ਤੋਂ ਉੱਪਰ ਦੀ ਸੋਚ ਦੇ ਧਾਰਨੀ ਅਤੇ ਮਾਨਵੀ ਗੁਣਾਂ ਦੇ ਮੁਜੱਸਮੇ ਪੀਰ ਬੁੱਧੂ ਸ਼ਾਹ ਨੂੰ ਹਰ ਸਿੱਖ ਬੜੀ ਸ਼ਰਧਾ ਤੇ ਸਤਿਕਾਰ ਨਾਲ ਯਾਦ ਕਰਦਾ ਹੈ । ਭੰਗਾਣੀ ਦੇ ਯੁੱਧ ਤੋਂ ਉਪਰੰਤ ਪੀਰ ਜੀ ਨੇ ਆਪਣੇ ਚਾਰ ਪੁੱਤਰਾਂ ਵਿੱਚੋਂ ਦੋ ਪੁੱਤਰ ਸੱਯਦ ਅਸ਼ਰਫ ਸ਼ਾਹ ਅਤੇ ਸੱਯਦ ਮੁਹੰਮਦ ਸ਼ਾਹ ਅਤੇ ਸਕੇ ਭਾਈ ਭੂਰੇ ਸ਼ਾਹ ਨੂੰ ਅਤੇ ਸੱਤ ਸੌ ਮੁਰੀਦਾਂ ਵਿੱਚੋਂ ਅਨੇਕਾਂ ਮੁਰੀਦ ਸ਼ਹੀਦ ਕਰਵਾ ਕੇ ਸਾਹਿਬ-ਏ-ਕਮਾਲ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਬਖ਼ਿਸ਼ਸ਼ ਪ੍ਰਾਪਤ ਕੀਤੀ । ਇਤਿਹਾਸਕ ਹਵਾਲਿਆਂ ਮੁਤਾਬਿਕ ਪੀਰ ਬੁੱਧੂ ਸ਼ਾਹ ਦਾ ਜਨਮ 13 ਜੂਨ, 1647 ਈ: ਨੂੰ ਸੱਯਦ ਗੁਲਾਮ ਸ਼ਾਹ ਦੇ ਘਰ ਅੰਬਾਲਾ ਜ਼ਿਲ੍ਹੇ ਦੇ ਸਢੌਰਾ ਕਸਬੇ ਵਿੱਚ ਹੋਇਆ । ਪੀਰ ਜੀ ਦਾ ਪੂਰਾ ਨਾਂਅ ਸੱਯਦ ਬਦਰੁੱਦੀਨ ਸ਼ਾਹ ਸੀ । ਪੀਰ ਜੀ ਬਚਪਨ ਤੋਂ ਹੀ ਘੱਟ ਬੋਲਣ ਵਾਲੇ, ਗੰਭੀਰ ਅਤੇ ਸਾਦੇ ਸੁਭਾਅ ਵਾਲੇ ਸਨ । ਇਸੇ ਕਰਕੇ ਲੋਕਾਂ ਨੇ ਪੀਰ ਜੀ ਨੂੰ ਬੁੱਧੂ ਕਹਿਣਾ ਸ਼ੁਰੂ ਕਰ ਦਿੱਤਾ । ਇਹ ਨਾਂਅ ਪੀਰ ਜੀ ਦੇ ਸੁਭਾਅ ਕਰਕੇ ਪੱਕੇ ਤੌਰ ‘ਤੇ ਉਨ੍ਹਾਂ ਨਾਲ ਜੁੜ ਗਿਆ । ਪੀਰ ਜੀ ਦੇ ਵੱਡੇ-ਵਡੇਰੇ ਪਹਿਲਾਂ ਸਮਾਣੇ ਰਹਿੰਦੇ ਸਨ, ਪਰ ਇਸ ਤੋਂ ਪਿੱਛੋਂ ਸਢੌਰੇ ਆ ਵੱਸੇ । ਜਿਸ ਮੁਹੱਲੇ ਵਿੱਚ ਇਹ ਪਰਿਵਾਰ ਆ ਕੇ ਵੱਸਿਆ, ਉਹ ਬਾਅਦ ਵਿੱਚ ਸੱਯਦਾਂ ਵਾਲਾ ਮੁਹੱਲਾ ਕਰਕੇ ਪ੍ਰਸਿੱਧ ਹੋਇਆ ।



ਪੀਰ ਜੀ ਦੀ ਸ਼ਾਦੀ ਮੁਗਲ ਸੈਨਾ ਦੇ ਇਕ ਵੱਡੇ ਜਰਨੈਲ ਸੈਦ ਖਾਨ ਦੀ ਭੈਣ ਨਸੀਰਾਂ ਨਾਲ ਹੋਈ । ਜਦੋਂ ਬਾਲ ਗੁਰੂ ਗੋਬਿੰਦ ਰਾਇ (ਸਿੰਘ) ਸ੍ਰੀ ਪਟਨਾ ਸਾਹਿਬ ਤੋਂ ਸ੍ਰੀ ਅਨੰਦਪੁਰ ਸਾਹਿਬ ਨੂੰ ਜਾਣ ਸਮੇਂ ਕੁਝ ਸਮਾਂ ਲਖਨੌਰ ਰੁਕੇ ਤਾਂ ਪੀਰ ਭੀਖਣ ਸ਼ਾਹ ਜਦੋਂ ਬਾਲ ਗੁਰੂ ਸਾਹਿਬ ਦੇ ਦਰਸ਼ਨ ਕਰਨ ਲਈ ਆਏ ਤਾਂ ਉਸ ਸਮੇਂ ਪੀਰ ਬੁੱਧੂ ਸ਼ਾਹ ਨੇ ਵੀ ਗੁਰੂ ਸਾਹਿਬ ਦੇ ਦਰਸ਼ਨ ਕੀਤੇ । ਇਸ ਤੋਂ ਪਿੱਛੋਂ ਪੀਰ ਜੀ ਦਿੱਲੀ ਵਿਖੇ ਗੈਸ਼ਾ-ਨਸ਼ੀਨ ਰਹਿਣ ਤੋਂ ਉਪਰੰਤ ਜਦੋਂ ਵਾਪਸ ਸਢੌਰਾ ਆਏ ਤਾਂ ਪੀਰ ਜੀ ਨੂੰ ਦਸਮ ਪਿਤਾ ਗੁਰੂ ਗੋਬਿੰਦ ਸਿੰਘ ਜੀ ਦੀ ਪਾਉਂਟਾ ਸਾਹਿਬ ਦੀ ਆਮਦ ਬਾਰੇ ਪਤਾ ਲੱਗਾ । ਪਿਆਰ ਵਿੱਚ ਬਿਹਬਲ ਪੀਰ ਜੀ ਨੇ ਗੁਰੂ ਨਾਨਕ ਸਾਹਿਬ ਦੇ ਦੱਸਵੇਂ ਸਰੂਪ ਗੁਰੂ ਗੋਬਿੰਦ ਸਿੰਘ ਜੀ ਦੇ ਪਾਉਂਟਾ ਸਾਹਿਬ ਵਿਖੇ ਦਰਸ਼ਨ ਕੀਤੇ । ਆਪ ਗੁਰੂ ਸਾਹਿਬ ਜੀ ਦੀ ਸ਼ਖ਼ਸੀਅਤ ਤੋਂ ਅਜਿਹੇ ਪ੍ਰਭਾਵਿਤ ਹੋਏ ਕਿ ਰੱਬੀ ਗੁਣਾਂ ਦੇ ਮੁਜੱਸਮੇ ਦਸਮ ਪਿਤਾ ਜੀ ਹਮੇਸ਼ਾ ਅੰਗ-ਸੰਗ ਰਹਿਣ ਲਈ ਬੇਨਤੀ ਕਰਨ ਲਈ ਹੱਥ ਜੁੜ ਗਏ । ਇਕ ਵਾਰ ਅਜਿਹਾ ਸਮਾਂ ਆਇਆ, ਜਦੋਂ ਸਮੇਂ ਦੇ ਬਾਦਸ਼ਾਹ ਔਰੰਗਜ਼ੇਬ ਨੇ ਆਪਣੀ ਫੌਜ ਦੇ ਬਹੁਤ ਸਾਰੇ ਪਠਾਣਾਂ ਨੂੰ ਨੌਕਰੀ ਤੋਂ ਜਵਾਬ ਦੇ ਦਿੱਤਾ । ਉਹ ਸਾਰੇ ਪਠਾਣ ਪੀਰ ਜੀ ਕੋਲ ਆਪਣੇ ਦੁੱਖੜੇ ਰੋਣ ਲਈ ਪਹੁੰਚੇ । ਪੀਰ ਜੀ ਨੇ ਉਨ੍ਹਾਂ ਪਠਾਣਾਂ ਨੂੰ ਨੌਕਰੀ ਦਿਵਾਉਣ ਲਈ ਪਾਉਂਟਾ ਸਾਹਿਬ ਜਾ ਕੇ ਗੁਰੂ ਸਾਹਿਬ ਨੂੰ ਬੇਨਤੀ ਕੀਤੀ । ਗੁਰੂ ਸਾਹਿਬ ਨੇ ਪੀਰ ਜੀ ਦੀ ਬੇਨਤੀ ਮੰਨਦਿਆਂ ਸਾਰੇ ਪਠਾਣਾਂ ਨੂੰ ਆਪਣੇ ਪਾਸ ਰੱਖ ਲਿਆ । ਪਰ ਜਦੋਂ ਪਹਾੜੀ ਰਾਜਿਆਂ ਵੱਲੋਂ ਕਲਗੀਧਰ ਪਾਤਸ਼ਾਹ ਗੁਰੂ ਗੋਬਿੰਦ ਸਿੰਘ ਨੂੰ ਮਜ਼ਬੂਰ ਕਰਕੇ ਲੜਾਈ ਛੇੜ ਦਿੱਤੀ ਗਈ ਤਾਂ ਇਨ੍ਹਾਂ ਪਠਾਣਾਂ ਵਿੱਚੋਂ ਇਕ ਪਠਾਣ ਜਰਨੈਲ ਕਾਲੇ ਖਾਨ ਤੋਂ ਬਿਨਾਂ ਬਾਕੀ ਤਿੰਨ ਜਰਨੈਲ ਤੀਖਨ ਖਾਨ, ਨਜ਼ਾਬਤ ਖਾਨ ਅਤੇ ਹਯਾਤ ਖਾਨ ਨਮਕ-ਹਰਾਮੀ ਕਰਕੇ ਗੁਰੂ ਸਾਹਿਬ ਨੂੰ ਛੱਡ ਕੇ ਚਲੇ ਗਏ । ਕੇਵਲ ਛੱਡਿਆ ਹੀ ਨਹੀਂ, ਸਗੋਂ ਪਹਾੜੀ ਰਾਜਿਆਂ ਦੀ ਫੌਜ ਨਾਲ ਜਾ ਰਲੇ । ਜਦੋਂ ਪੀਰ ਜੀ ਨੂੰ ਇਹ ਖਬਰ ਮਿਲੀ ਤਾਂ ਪੀਰ ਜੀ ਆਪਣੇ ਸੱਤ ਸੌ ਮੁਰੀਦਾਂ, ਚਾਰ ਪੁੱਤਰਾਂ ਅਤੇ ਇਕ ਭਰਾ ਸਮੇਤ ਭੰਗਾਣੀ ਦੇ ਮੈਦਾਨ ਵਿੱਚ ਪੁੱਜੇ ਅਤੇ ਇਸ ਗਹਿਗੱਚ ਯੁੱਧ ਵਿੱਚ ਆਪਣਾ ਯੋਗਦਾਨ ਪਾਇਆ । ਇਸ ਯੁੱਧ ਵਿੱਚ ਪੀਰ ਜੀ ਦੇ ਅਨੇਕਾਂ ਮੁਰੀਦਾਂ, ਦੋ ਪੁੱਤਰਾਂ ਅਤੇ ਇਕ ਭਰਾ ਨੇ ਸ਼ਹਾਦਤ ਦਾ ਜਾਮ ਪੀਤਾ ।

ਇਤਿਹਾਸਕ ਤੱਥ ਇਸ ਗੱਲ ਨੂੰ ਬਿਆਨ ਕਰਦੇ ਹਨ, ਜਦੋਂ ਕਲਗੀਧਰ ਪਾਤਸ਼ਾਹ ਨੇ ਯੁੱਧ ਤੋਂ ਉਪਰੰਤ ਬੇਸ਼ਕੀਮਤੀ ਵਸਤੂਆਂ, ਧਨ ਦੌਲਤ ਪੀਰ ਜੀ ਨੂੰ ਬਖ਼ਿਸ਼ਸ਼ ਵਜੋਂ ਲੈਣ ਲਈ ਕਿਹਾ ਤਾਂ ਪੀਰ ਜੀ ਨਿਮਾਣੇ ਸਿੱਖ ਸ਼ਰਧਾਲੂ ਵਜੋਂ ਹੱਥ ਜੋੜ ਕੇ ਗੁਰੂ ਸਾਹਿਬ ਦੇ ਸਨਮੁੱਖ ਖਲੋ ਗਏ, ਇਹ ਵਸਤਾਂ ਸਵੀਕਾਰ ਕਰਨ ਤੋਂ ਇਨਕਾਰ ਕਰ ਦਿੱਤਾ । ਉਸ ਸਮੇਂ ਗੁਰੂ ਸਾਹਿਬ ਕੇਸਾਂ ਨੂੰ ਕੰਘੇ ਨਾਲ ਸੰਵਾਰ ਕੇ ਦਸਤਾਰ ਸਜਾਉਣ ਦੀ ਤਿਆਰੀ ਵਿੱਚ ਸਨ । ਪੀਰ ਜੀ ਨੇ ਬੜੀ ਅਧੀਨਗੀ ਨਾਲ ਕੰਘੇ ਵਿੱਚ ਫਸੇ ਗੁਰੂ ਸਾਹਿਬ ਦੇ ਰੋਮਾਂ (ਕੇਸਾਂ) ਨੂੰ ਆਪਣੀ ਝੋਲੀ ਫੈਲਾਅ ਕੇ ਪ੍ਰਵਾਨ ਕੀਤਾ । ਕੰਘੇ ਸਮੇਤ ਕੇਸਾਂ ਨੂੰ ਪ੍ਰਾਪਤ ਕਰਕੇ ਇਸ ਵੱਡਮੁੱਲੇ ਤੋਹਫ਼ੇ ਨੂੰ ਆਪਣੇ ਜੀਵਨ ਦੌਰਾਨ ਸੰਭਾਲ ਕੇ ਰੱਖਣ ਅਤੇ ਦਰਸ਼ਨ-ਦੀਦਾਰੇ ਕਰਨ ਦਾ ਸੁਭਾਗ ਜੀਵਨ ਭਰ ਨਿਭਾਇਆ । ਗੁਰੂ ਸਾਹਿਬ ਨੇ ਭਰੇ ਦੀਵਾਨ ਵਿੱਚ ਪਾਉਂਟਾ ਸਾਹਿਬ ਦੀ ਪਾਵਨ ਧਰਤੀ ਤੋਂ ਇਸ ਵੱਡਮੁੱਲੇ ਤੋਹਫ਼ੇ ਤੋਂ ਇਲਾਵਾ ਇਕ ਛੋਟੀ ਕਿਰਪਾਨ, ਦਸਤਾਰ ਅਤੇ ਹੁਕਮਨਾਮਾ ਵੀ ਪੀਰ ਜੀ ਨੂੰ ਬਖ਼ਿਸ਼ਆ, ਜੋ ਸਮਾਂ ਪੈ ਕੇ ਪੀਰ ਜੀ ਦੇ ਵਾਰਸਾਂ ਨੂੰ ਜਗੀਰ ਪ੍ਰਦਾਨ ਕਰਕੇ ਮਹਾਰਾਜਾ ਨਾਭਾ ਸ । ਭਰਪੂਰ ਸਿੰਘ ਨੇ ਸ਼ਰਧਾ ਸਹਿਤ ਆਪਣੇ ਮਹਿਲਾਂ ਵਿੱਚ ਇਨ੍ਹਾਂ ਵਸਤਾਂ ਨੂੰ ਸੁਸ਼ੋਭਿਤ ਕੀਤਾ । ਪਰ ਭਰੋਸੇਯੋਗ ਗਵਾਹੀ ਤੋਂ ਪਤਾ ਲੱਗਾ ਹੈ ਕਿ ਇਹ ਛੋਟੀ ਕਿਰਪਾਨ ਪੀਰ ਜੀ ਦੇ ਮੌਜੂਦਾ ਵਾਰਸਾਂ ਪਾਸ ਅਮਰੀਕਾ ਦੇ ਸ਼ਹਿਰ ਲਾਸ ਏਂਜਲਸ ਵਿੱਚ ਸਤਿਕਾਰ ਨਾਲ ਸਾਂਭੀ ਹੋਈ ਹੈ । ਪੀਰ ਜੀ ਵੱਲੋਂ ਗੁਰੂ ਸਾਹਿਬ ਦੀ ਭੰਗਾਣੀ ਦੇ ਯੁੱਧ ਵਿੱਚ ਕੀਤੀ ਸਹਾਇਤਾ ਕਰਕੇ ਬਾਦਸ਼ਾਹ ਔਰੰਗਜ਼ੇਬ ਦੇ ਕੰਨ ਭਰੇ ਗਏ । ਔਰੰਗਜ਼ੇਬ ਨੇ ਸਢੌਰੇ ਦੇ ਹਾਕਮ ਉਸਮਾਨ ਖਾਨ ਨੂੰ ਪੀਰ ਜੀ ਨੂੰ ਕਤਲ ਕਰਨ ਦਾ ਆਦੇਸ਼ ਦਿੱਤਾ । ਸਰਹਿੰਦ ਦੇ ਫੌਜਦਾਨ ਨੇ ਬਾਦਸ਼ਾਹ ਦੇ ਹੁਕਮ ਨੂੰ ਉਸਮਾਨ ਖਾਨ ਤੱਕ ਪਹੁੰਚਾਇਆ । ਪੀਰ ਜੀ ਨੂੰ ਇਹ ਖਬਰ ਪਹਿਲਾਂ ਹੀ ਮਿਲ ਚੁੱਕੀ ਸੀ, ਉਨ੍ਹਾਂ ਆਪਣਾ ਪਰਿਵਾਰ ਨਾਹਨ ਅਤੇ ਸਮਾਣਾ ਭੇਜ ਦਿੱਤਾ । ਸਢੌਰੇ ਦੇ ਹਾਕਮ ਉਸਮਾਨ ਖਾਨ ਨੇ 21 ਮਾਰਚ, 1704 ਨੂੰ ਪੀਰ ਬੁੱਧੂ ਸ਼ਾਹ ਨੂੰ ਬੜੀ ਬੇਦਰਦੀ ਨਾਲ ਟੋਟੇ-ਟੋਟੇ ਕਰਕੇ ਸ਼ਹੀਦ ਕੀਤਾ । ਜਦੋਂ ਬਾਬਾ ਬੰਦਾ ਸਿੰਘ ਬਹਾਦਰ ਪੰਜਾਬ ਵੱਲ ਵਧਿਆ ਤਾਂ ਸਭ ਤੋਂ ਪਹਿਲਾਂ ਉਸ ਨੇ ਸਢੌਰੇ ਦੀ ਇੱਟ ਨਾਲ ਇੱਟ ਖੜਕਾਈ ਅਤੇ ਉਸਮਾਨ ਖਾਨ ਨੂੰ ਮੌਤ ਦੇ ਘਾਟ ਉਤਾਰਿਆ । ਇਤਿਹਾਸ ਦੇ ਖੋਜੀ ਤੱਥਾਂ ਮੁਤਾਬਿਕ ਪੀਰ ਜੀ ਦੀ ਅੰਸ਼-ਵੰਸ਼ ਦੇ ਪਰਿਵਾਰ 1947 ਈ: ਵਿੱਚ ਦੇਸ਼ ਦੀ ਵੰਡ ਸਮੇਂ ਪੱਛਮੀ ਪੰਜਾਬ (ਪਾਕਿਸਤਾਨ) ਦੇ ਝੰਗ ਜ਼ਿਲ੍ਹੇ ਜਾ ਵੱਸੇ । ਪੀਰ ਜੀ ਦੇ ਜੱਦੀ ਘਰ ਦੀ ਖੋਜ ਕਰਕੇ ਹੁਣ ਇਸ ਅਸਥਾਨ ਨੂੰ ਗੁਰਦੁਆਰਾ ਸਾਹਿਬ ਵਿੱਚ ਬਦਲ ਦਿੱਤਾ ਗਿਆ ਹੈ । ਸਮੁੱਚਾ ਸਿੱਖ ਜਗਤ ਅੱਜ ਪੀਰ ਜੀ ਦੇ ਜਨਮ ਦਿਨ ‘ਤੇ ਪੀਰ ਜੀ ਦੀ ਕੁਰਬਾਨੀ, ਸ਼ਰਧਾ, ਗੁਰੂ ਪਿਆਰ ਪ੍ਰਤੀ ਨਤਮਸਤਕ ਹੋ ਰਿਹਾ ਹੈ। ••

-ਭਗਵਾਨ ਸਿੰਘ ਜੌਹਲ
bhagwansinghjohal@gmail.com
ਮੋਬਾਈਲ : 98143-24040



## ਗੱਤਕਾ ਖੇਡ ਦਾ ਨੈਸ਼ਨਲ ਖੇਡਾਂ ਚ ਸ਼ਾਮਿਲ ਹੋਣਾ ਵੱਡੀ ਸਫਲਤਾ - ਹਰਜੀਤ ਸਿੰਘ ਗਰੇਵਾਲ

# ਦੂਜਾ ਫੈਡਰੇਸ਼ਨ ਕੱਪ ਦਸੰਬਰ ਮਹੀਨੇ ਕਰਵਾਇਆ ਜਾਵੇਗਾ - ਤੇਜਿੰਦਰਪਾਲ ਸਿੰਘ ਨਲਵਾ

**ਨਵੀਂ ਦਿੱਲੀ, 12 ਜੂਨ (ਆਵਾਜ਼ਿ ਕੌਮ ਬਿਊਰੋ)**- ਨੈਸ਼ਨਲ ਗੱਤਕਾ ਐਸੋਸੀਏਸ਼ਨ ਆਫ ਇੰਡੀਆ ਵੱਲੋਂ ਤਾਲਕਟੋਰਾ ਸਟੇਡੀਅਮ ਨਵੀਂ ਦਿੱਲੀ ਵਿਖੇ ਕਰਵਾਈ ਜਾ ਰਹੀ 12ਵੀਂ ਨੈਸ਼ਨਲ ਗੱਤਕਾ ਚੈਂਪੀਅਨਸ਼ਿਪ ਦਾ ਉਦਘਾਟਨ ਅੱਜ ਏਸ਼ੀਅਨ ਗੱਤਕਾ ਫੈਡਰੇਸ਼ਨ ਦੇ ਪ੍ਰਧਾਨ ਡਾਕਟਰ ਤੇਜਿੰਦਰਪਾਲ ਸਿੰਘ ਨਲਵਾ ਸੀਨੀਅਰ ਵਕੀਲ ਸੁਪਰੀਮ ਕੋਰਟ ਆਫ ਇੰਡੀਆ ਨੇ ਨੈਸ਼ਨਲ ਗੱਤਕਾ ਐਸੋਸੀਏਸ਼ਨ ਆਫ ਇੰਡੀਆ (ਐਨਜੀਏਆਈ) ਦੇ ਪ੍ਰਧਾਨ ਹਰਜੀਤ ਸਿੰਘ ਗਰੇਵਾਲ ਤੇ ਸੁਖਚੈਨ ਸਿੰਘ ਕਲਸਾਣੀ ਦੀ ਹਾਜ਼ਰੀ ਵਿੱਚ ਕੀਤਾ।



ਇਸ ਮੌਕੇ ਬੋਲਦਿਆਂ ਐਨਜੀਏਆਈ ਦੇ ਪ੍ਰਧਾਨ ਹਰਜੀਤ ਸਿੰਘ ਗਰੇਵਾਲ ਨੇ ਕਿਹਾ ਕਿ ਗੱਤਕਾ ਖੇਡ ਦਾ ਨੈਸ਼ਨਲ ਖੇਡਾਂ, ਖੇਲੋ ਇੰਡੀਆ ਯੂਥ ਗੇਮਜ, ਨੈਸ਼ਨਲ ਗੇਮਜ, ਨੈਸ਼ਨਲ ਸਕੂਲ ਗੇਮਸ ਅਤੇ ਆਲ ਇੰਡੀਆ ਇੰਟਰ-ਯੂਨੀਵਰਸਿਟੀ ਗੇਮਸ ਵਿੱਚ ਸ਼ਾਮਿਲ ਹੋਣਾ ਬਹੁਤ ਵੱਡੀ ਸਫਲਤਾ ਹੈ ਜਿਸ ਨਾਲ ਭਵਿੱਖ ਵਿੱਚ ਗੱਤਕਾ ਖੇਡ ਹੁਣ ਇੰਟਰਨੈਸ਼ਨਲ ਖੇਡਾਂ ਦਾ ਵੀ ਹਿੱਸਾ ਬਣ ਜਾਵੇਗੀ। ਉਹਨਾਂ ਆਖਿਆ ਕਿ ਗੱਤਕਾ ਖੇਡ ਦਾ ਦੇਸ਼ ਦੀਆਂ ਵੱਡੀਆਂ ਖੇਡਾਂ ਵਿੱਚ ਸ਼ਮੂਲੀਅਤ ਹੋਣ ਅਤੇ ਸਵੈ- ਰੱਖਿਆ ਦੀ ਖੇਡ ਹੋਣ ਕਾਰਨ ਗੱਤਕਾ ਖੇਡ ਦਾ ਭਵਿੱਖ ਬਹੁਤ ਉੱਜਲ ਹੈ ਜਿਸ ਕਰਕੇ ਲੜਕੇ ਅਤੇ ਲੜਕੀਆਂ ਨੂੰ ਇਸ ਖੇਡ ਵਿੱਚ ਵੱਧ ਤੋਂ ਵੱਧ ਭਾਗ ਲੈਣਾ ਚਾਹੀਦਾ ਹੈ।

ਇਸ ਮੌਕੇ ਬੋਲਦਿਆਂ ਏਸ਼ੀਅਨ ਗੱਤਕਾ ਫੈਡਰੇਸ਼ਨ ਦੇ ਪ੍ਰਧਾਨ ਡਾਕਟਰ ਤਜਿੰਦਰਪਾਲ ਸਿੰਘ ਨਲਵਾ ਨੇ ਆਖਿਆ ਕਿ ਵਰਲਡ ਗੱਤਕਾ ਫੈਡਰੇਸ਼ਨ ਦੀ ਅਗਵਾਈ ਹੇਠ ਨੈਸ਼ਨਲ ਗੱਤਕਾ ਐਸੋਸੀਏਸ਼ਨ ਵੱਲੋਂ ਗਤਕਾ ਖੇਡ ਦੀ ਤਰੱਕੀ ਵਿੱਚ ਇਤਿਹਾਸਿਕ ਮੱਲਾਂ ਮਾਰੀਆਂ ਗਈਆਂ ਹਨ ਅਤੇ ਭਵਿੱਖ ਵਿੱਚ ਹੋਰ ਵੀ ਵੱਡੇ ਟੂਰਨਾਮੈਂਟ ਕਰਵਾਉਣ ਦੀ ਰੂਪ ਰੇਖਾ ਉਲੀਕੀ ਗਈ ਹੈ। ਉਹਨਾਂ ਦੱਸਿਆ ਕਿ ਦੂਜਾ ਫੈਡਰੇਸ਼ਨ ਕੱਪ ਦਸੰਬਰ ਮਹੀਨੇ ਕਰਵਾਇਆ ਜਾਵੇਗਾ ਜਿਸ ਵਿੱਚ ਸਾਰੇ ਦੇਸ਼ ਵਿੱਚੋਂ ਵੱਖ ਵੱਖ ਰਾਜਾਂ ਦੀਆਂ ਗੱਤਕਾ ਟੀਮਾਂ ਭਾਗ ਲੈਣਗੀਆਂ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਪੰਜਾਬ ਤੋਂ ਬਲਜੀਤ ਸਿੰਘ ਸੈਣੀ, ਸਰਬਜੀਤ ਸਿੰਘ ਅਤੇ ਯੋਗਰਾਜ ਸਿੰਘ, ਛੱਤੀਸਗੜ ਤੋਂ ਭਾਈ ਜਸਵੰਤ ਸਿੰਘ, ਤਿਲੰਗਾਨਾ ਤੋਂ ਵਿਸ਼ਾਲ ਸਿੰਘ, ਮਹਾਰਾਸ਼ਟਰ ਤੋਂ ਅੰਬੁਰੇ, ਮੱਧ ਪ੍ਰਦੇਸ਼ ਤੋਂ ਪਰਮਜੀਤ ਸਿੰਘ, ਝਾਰਖੰਡ ਤੋਂ ਪ੍ਰਿੰਸ ਮਿਸ਼ਰਾ, ਆਂਧਰਾ ਪ੍ਰਦੇਸ਼ ਤੋਂ ਸੁਰਿੰਦਰਾ ਰੈਡੀ, ਤਾਮਿਲਨਾਡੂ ਤੋਂ ਸੰਦੀਪ ਕੁਮਾਰ, ਦਿੱਲੀ ਤੋਂ ਗੁਰਮੀਤ ਸਿੰਘ ਰਾਣਾ ਅਤੇ ਅੰਗਦ ਸਿੰਘ ਆਦਿ ਹਾਜ਼ਰ ਸਨ।

# ਅੰਤ੍ਰਿੰਗ ਕਮੇਟੀ ਦੀ ਮੀਟਿੰਗ ’ਚ ਸ਼੍ਰੋਮਣੀ ਕਮੇਟੀ ਵੱਲੋਂ ਲਿਆ ਗਿਆ ਮਹੱਤਵਪੂਰਨ ਫੈਸਲਾ



**ਅੰਮ੍ਰਿਤਸਰ, 12 ਜੂਨ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਮੀਟਿੰਗ ਹੋਈ। ਮੀਟਿੰਗ ਦੀ ਪ੍ਰਧਾਨਗੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਕੀਤੀ ਗਈ। ਪ੍ਰਧਾਨ ਧਾਮੀ ਨੇ ਕਿਹਾ ਕਿ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਬੰਧੀ ਸੇਵਾ ਨਿਯਮ, ਨਿਯੁਕਤੀ ਤੇ ਸੇਵਾ ਮੁਕਤੀ ਨੂੰ ਲੈ ਕੇ ਸਬ ਕਮੇਟੀ ਗਠਤ ਕੀਤੀ ਜਾਵੇਗੀ, ਜੋ ਇਸ ਸਬੰਧੀ ਆਪਣੀ ਰਾਇ ਸ਼੍ਰੋਮਣੀ ਕਮੇਟੀ ਨੂੰ ਦੇਵੇਗੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਵੱਡੇ ਪੱਧਰ ’ਤੇ ਮਨਾਉਣ ਲਈ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ ਤੇ ਇਸ ਸ਼ਤਾਬਦੀ ਲਈ ਸ਼੍ਰੋਮਣੀ ਕਮੇਟੀ ਦੇ ਬਜਟ ਇਜਲਾਸ ਵਿਚ ਪੰਜ ਕਰੋੜ ਦਾ ਵਿਸ਼ੇਸ਼ ਬਜਟ ਵੀ ਰਾਖਵਾਂ ਰੱਖਿਆ ਗਿਆ ਹੈ। ਇਕ ਸਵਾਲ ਦੇ ਜਵਾਬ ਵਿਚ ਉਨ੍ਹਾਂ ਕਿਹਾ ਕਿ ਸਾਬਕਾ ਪ੍ਰਧਾਨ ਮੰਤਰੀ ਡਾਕਟਰ ਮਨਮੋਹਨ ਸਿੰਘ ਦੀ ਤਸਵੀਰ ਕੇਂਦਰੀ ਸਿੱਖ ਅਜਾਇਬਘਰ ਵਿਚ ਲਗਾਉਣ ਦੇ ਫੈਸਲੇ ਬਾਰੇ ਮੁੜ ਵਿਚਾਰ ਕੀਤਾ ਜਾ ਰਿਹਾ ਹੈ। ਉਨ੍ਹਾਂ ਛੇ ਜੂਨ ਦੇ ਘੱਲੂਘਾਰਾ ਸਮਾਗਮ ਵਿਚ ਦਮਦਮੀ ਟਕਸਾਲ ਤੇ ਨਿਹੰਗ ਸਿੰਘ ਜਥੇਬੰਦੀਆਂ ਸਮੇਤ ਸਹਿਯੋਗ ਦੇਣ ਵਾਲੀਆਂ ਸਮੂਹ ਸਿੱਖ ਜਥੇਬੰਦੀਆਂ ਅਤੇ ਸੰਗਤਾਂ ਦਾ ਧੰਨਵਾਦ ਕੀਤਾ।

# ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਵਿਖੇ, ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦਾ ਅਵਤਾਰ ਪੁਰਬ ਮਨਾਇਆ ਗਿਆ



**ਚੌਕ ਮਹਿਤਾ 12 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਪਵਿੱਤਰ ਪਾਵਨ ਅਸਥਾਨ ,ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਵਿਖੇ ਸਾਹਿਬ ਬੋਪਾਰਾਏ (ਮੱਤੇਵਾਲ ਵਿੱਖੇ,ਸਾਹਿਬ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦਾ ਪਵਿੱਤਰ ਪਾਵਨ ਅਵਤਾਰ ਪੁਰਬ ਸੰਤ ਬਾਬਾ ਸੱਜਣ ਸਿੰਘ ਜੀ ਦੀ ਰਹਿਨੁਮਾਈ ਹੇਠ ਮਨਾਇਆ ਗਿਆ। ਇਸ ਮੌਕੇ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪੈਣ ਉਪਰੰਤ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਅਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਬਾਬਾ ਜੱਸਾ ਸਿੰਘ , ਰਣਜੀਤ ਸਿੰਘ ਬਾਬੋਵਾਲ, ਨਿੰਦਰ ਸਿੰਘ ਭੋਏ, ਪ੍ਰਿੰਸੀਪਲ ਗੁਰਸੇਵਕ ਸਿੰਘ ਉਦੋਕੇ, ਗਿਆਨ ਸਿੰਘ,ਮੇਜਰ ਸਿੰਘ, ਜਗਰੂਪ ਸਿੰਘ ਬੋਪਾਰਾਏ ,ਅਵਤਾਰ ਸਿੰਘ ਬੋਪਾਰਾਏ ,ਬਾਬਾ ਰਾਜਾ, ਗੁਰਬਾਜ ਸਿੰਘ,ਜੋਬਨ ਬਲਾਰਾ, ਬਲਿਹਾਰ ਸਿੰਘ , ਹੈਡ ਗਰੰਥੀ ਬਾਬਾ ਸੁਲੱਖਣ ਸਿੰਘ ਬਾਬਾ ਪਰਮਜੀਤ ਸਿੰਘ, ਮੇਜਰ ਸਿੰਘ ਭੋਏਵਾਲ ,ਜੋਧਵੀਰ ਸਿੰਘ ,ਬਰਿੰਦਰ ਸਿੰਘ ਬਲਜਿੰਦਰ ਸਿੰਘ ਨਿਬਰਵਿੰਡ ਆਦਿ ਹਾਜ਼ਰ ਸਨ।

# ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਵੱਲੋਂ ਮੀਰੀ-ਪੀਰੀ ਦੇ ਮਾਲਕ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਸਹਿਤ ਮਨਾਇਆ ਗਿਆ

**ਅੰਮ੍ਰਿਤਸਰ, 12 ਜੂਨ (ਆਵਾਜ਼ਿ ਕੌਮ ਬਿਊਰੋ)**—ਖਾਲਸਾ ਕਾਲਜ ਗਵਰਨਿੰਗ ਕੌਂਸਲ ਵੱਲੋਂ ਮੀਰੀ-ਪੀਰੀ ਦੇ ਮਾਲਕ ਛੇਵੀਂ ਪਾਤਸ਼ਾਹੀ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਕੈਂਪਸ ਸਥਿਤ ਗੁਰਦੁਆਰਾ ਸਾਹਿਬ ਵਿਖੇ ਬੜੀ ਸ਼ਰਧਾ ?ਭਾਵਨਾ ਤੇ ਉਤਸ਼ਾਹ ਸਹਿਤ ਮਨਾਇਆ ਗਿਆ। ਇਸ ਮੌਕੇ ਗੁਰੂ ਚਰਨਾਂ ’ਚ ਹਾਜ਼ਰੀ ਲਗਾਉਣ ਪਹੁੰਚੇ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਨੇ ਸਮੂੰਹ ਸੰਗਤ ਤੇ ਦੇਸ਼-ਵਿਦੇਸ਼ ’ਚ ਵੱਸਦੇ ਲੋਕਾਂ ਨੂੰ ਪਵਿੱਤਰ ਦਿਹਾੜੇ ’ਤੇ ਵਧਾਈ ਦਿੰਦਿਆਂ ਕਿਹਾ ਕਿ ਗੁਰੂ ਮਹਾਰਾਜ ਜੀ ਨੇ ਧਾਰਮਿਕ, ਰਾਜਨੀਤਿਕ ਅਤੇ ਸੱਭਿਆਚਾਰਕ ਚੇਤਨਾ ਲੋਕਾਂ ਨੂੰ ਮੁਹੱਈਆ ਕਰਨ ਦੇ ਲਈ ਤਾਕਤਵਰ ਧਾਰਮਿਕ ਵਿਚਾਰਧਾਰਾ ਨੂੰ ਜਨਮ ਦਿੱਤਾ ਤਾਂ ਕਿ ਉਹ ਸਵਾਭਿਮਾਨੀ ਜ਼ਿੰਦਗੀ ਬਤੀਤ ਕਰਨ ਦੇ ਕਾਬਲ ਹੋਵੇ। ਇਸ ਤੋਂ ਪਹਿਲਾਂ ਗੁਰਮਤਿ ਸਟੱਡੀ ਸੈਂਟਰ ਦੇ ਵਿਦਿਆਰਥੀਆਂ ਨੇ ਗੁਰ ਜਸ ਗਾਇਨ ਕਰਕੇ ਆਈ ਸੰਗਤ ਨੂੰ ਨਿਹਾਲ ਕੀਤਾ। ਉਪਰੰਤ ਸਿੱਖ ਇਤਿਹਾਸ ਮਾਹਿਰ ਅਤੇ ਖ਼ਾਲਸਾ ਕਾਲਜ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਡਾ. ਇੰਦਰਜੀਤ ਸਿੰਘ ਗੋਗੋਆਣੀ ਨੇ ਗੁਰੂ ਸਾਹਿਬ ਜੀ ਦੇ ਜੀਵਨ ਫ਼ਲਸਫ਼ੇ ਬਾਰੇ ਹਾਜ਼ਰ ਸੰਗਤ ਨੂੰ ਵਿਸਥਾਰ ਪੂਰਵਕ ਚਾਨਣਾ ਪਾਇਆ। ਇਸ ਦੌਰਾਨ ਸ: ਛੀਨਾ ਨੇ ਕਿਹਾ ਕਿ ਗੁਰੂ ਜੀ ਨੇ ਗੁਰਤਾਗੱਦੀ ’ਤੇ ਬੈਠਣ ਸਮੇਂ 2 ਤਲਵਾਰਾਂ ‘ਮੀਰੀ-ਪੀਰੀ’ ਧਾਰਨ ਕੀਤੀਆਂ ਜੋ ਕਿ ਭਗਤੀ ਅਤੇ ਸ਼ਕਤੀ ਦਾ ਪ੍ਰਤੀਕ ਹਨ। ਉਨ੍ਹਾਂ ਹਰੇਕ ਮਨੁੱਖ ਨੂੰ ਗੁਰੂ ਮਹਾਰਾਜ ਵੱਲੋਂ ਵਿਖਾਏ ਮਾਰਗ ’ਤੇ ਚੱਲਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸ: ਛੀਨਾ ਨੇ ਖ਼ਾਲਸਾ ਯੂਨੀਵਰਸਿਟੀ ਦੇ ਉੱਪ ਕੁਲਪਤੀ ਡਾ. ਮਹਿਲ ਸਿੰਘ ਨਾਲ ਮਿਲ ਕੇ ਸ਼ਬਦ ਗਾਇਨ ਕਰਨ ਵਾਲੇ ਵਿਦਿਆਰਥੀਆਂ ਨੂੰ ਸਿਰੋਪਾਓ ਭੇਂਟ ਕਰਕੇ ਸਨਮਾਨਿਤ ਕੀਤਾ। ਇਸ ਮੌਕੇ ਖ਼ਾਲਸਾ ਯੂਨੀਵਰਸਿਟੀ ਦੇ ਅਕਾਦਮਿਕ ਡੀਨ ਡਾ. ਸੁਰਿੰਦਰ ਕੌਰ, ਐਗਜ਼ੇਮੀਨੇਸ਼ਨ ਕੰਟਰੋਲਰ ਡਾ. ਕੰਵਲਜੀਤ ਸਿੰਘ, ਕੌਂਸਲ ਦੇ ਜੁਆਇੰਟ ਸਕੱਤਰ ਸ: ਅਜ਼ਮੇਰ ਸਿੰਘ ਹੇਰ, ਸ: ਲਖਵਿੰਦਰ ਸਿੰਘ ਢਿੱਲੋਂ, ਸ: ਗੁਰਪ੍ਰੀਤ ਸਿੰਘ ਗਿੱਲ, ਮੈਂਬਰ ਸ੍ਰੀਮਤੀ ਰਮਿੰਦਰ ਕੌਰ, ਸ: ਸਰਬਜੀਤ ਸਿੰਘ ਹੁਸ਼ਿਆਰ ਨਗਰ, ਖ਼ਾਲਸਾ ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ, ਖ਼ਾਲਸਾ ਕਾਲਜ ਆਫ਼ ਐਜੂਕੇਸ਼ਨ, ਰਣਜੀਤ ਐਵੀਨਿਊ ਪ੍ਰਿੰਸੀਪਲ ਡਾ. ਮਨਦੀਪ ਕੌਰ ਆਦਿ ਹਾਜ਼ਰ ਸਨ।

### ਯੂ ਪੀ ਦੇ ਮੈਨੀਆਂ ਵਿਖੇ ਪੰਜਵੇਂ ਪਾਤਸ਼ਾਹ ਸ਼੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਨੂੰ ਸਮਰਪਿਤ ਧਾਰਮਿਕ ਦੀਵਾਨ ਸਜਾਏ ਗਏ

# ਠੰਡੇ ਮਿੱਠੇ ਜਲ ਦੀਆਂ ਛਬੀਲਾਂ ਲਾਈਆਂ: ਭਾਈ ਵਿਰਸਾ ਸਿੰਘ ਖਾਲਸਾ



**ਜੰਡਿਆਲਾ ਗੁਰੂ 12 ਜੂਨ ( ਕੁਲਵੰਤ ਸਿੰਘ ਵਿਰਦੀ )**-ਦੁਆਬਾ ਖੇਤਰ'ਚ ਧਾਰਮਿਕ ਸਮਾਜਿਕ ਤੇ ਸਮਾਜ ਭਲਾਈ ਕੰਮਾਂ ਕਰਕੇ ਦੇਸ਼ਾਂ ਵਿਦੇਸ਼ਾਂ ਵਿੱਚ ਪ੍ਰਸਿੱਧ ਹੋਏ ਗੁਰਦੁਆਰਾ ਸਿੰਘਾਂ ਸ਼ਹੀਦਾਂ ਡੇਰਾ ਬਾਬਾ ਜਰਨੈਲ ਸਿੰਘ ਨੰਗਲ ਬੇਟ ਲਾਗੇ ਆਲੋਵਾਲ ਫਿਲੌਰ ਲੁਧਿਆਣਾ ਦੇ ਮੁੱਖੀ ਸੰਤ ਬਾਬਾ ਸੁਖਵਿੰਦਰ ਜੀ ਅਤੇ ਸ੍ਰੀ ਮਾਨ ਸੰਤ ਬਾਬਾ ਜਰਨੈਲ ਸਿੰਘ ਜੀ ਵਲੋਂ ਸਿੱਖੀ ਪ੍ਰਚਾਰ ਹਿੱਤ ਬਣਾਏ ਯੂਪੀ ਦੇ ਗੁਰਦੁਆਰਾ ਮੈਨੀਆਂ ਸਾਹਿਬ ਵਿਖੇ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਰਹਿਨੁਮਾਈ ਹੇਠ ਪੰਜਵੇਂ ਪਾਤਸ਼ਾਹ ਸ਼੍ਰੀ ਗੁਰੂ ਅਰਜਨ ਦੇਵ ਮਹਾਰਾਜ ਜੀ ਦੀ ਸ਼ਹੀਦੀ ਨੂੰ ਸਮਰਪਿਤ ਧਾਰਮਿਕ ਦੀਵਾਨ ਰਾਹੀਂ ਗੁਰਬਾਣੀ,ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਨਾਲ ਨਾਲ ਸਿੱਖੀ ਦੇ ਸੁਨਹਿਰੀ ਵਿਰਸੇ ਇਤਿਹਾਸ ਨਾਲ ਜੋੜਿਆ ਤੇ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਵੀ ਲਗਾਈਆਂ, ਇਸ ਸਬੰਧੀ ਪ੍ਰੈਸ ਨੂੰ ਮੁਕੰਮਲ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਸਮਾਗਮ ਦੇ ਮੁੱਖ ਪ੍ਰਬੰਧਕ ਸੰਤ ਬਾਬਾ ਸੁਖਵਿੰਦਰ ਸਿੰਘ ਜੀ ਨਾਲ ਸਮਾਗਮ ਸਬੰਧੀ ਜਾਣਕਾਰੀ ਹਾਸਲ ਕਰਨ ਤੋਂ ਉਪਰੰਤ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਦਿੱਤੀ, ਉਹਨਾਂ ਦੱਸਿਆ ਗੁਰਮਤਿ ਸਮਾਗਮ ਦੇ ਸਬੰਧ ਵਿੱਚ ਪੰਜਾਬ ਤੋਂ ਆਪਣੇ ਜਥੇ ਸਮੇਤ ਯੂਪੀ ਪਹੁੰਚੇ ਜਥੇ ਵੱਲੋਂ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਗਏ ਸਨ, ਜਿਨ੍ਹਾਂ ਦੇ ਅੱਜ ਸੰਪੂਰਨ ਭੋਗ ਅਰਦਾਸ ਤੇ ਪਾਵਨ ਪਵਿੱਤਰ ਹੁਕਮ ਨਾਮੇ ਤੋਂ ਉਪਰੰਤ ਧਾਰਮਿਕ ਦੀਵਾਨ ਦੀ ਅਰੰਭਤਾ ਮੁੱਖ ਪ੍ਰਬੰਧਕ ਸੰਤ ਬਾਬਾ ਸੁਖਵਿੰਦਰ ਸਿੰਘ ਜੀ ਵੱਲੋਂ ਹੁਕਮ ਨਾਮੇ ਤੇ ਗੁਰਬਾਣੀ ਸ਼ਬਦ ਵਿਚਾਰ ਦੀ ਕਥਾ ਤੋਂ ਉਪਰੰਤ ਕੀਤਾ ਗਈ, ਗੁਰਦੁਆਰਾ ਸਿੰਘਾਂ ਸ਼ਹੀਦਾਂ ਨੰਗਲ ਬੇਟ ਫਿਲੌਰ ਦੇ ਹਜ਼ੂਰੀ ਰਾਗੀ ਭਾਈ ਰਵਿੰਦਰ ਸਿੰਘ ਸਿੱਘ ਤੇ ਭਾਈ ਰਿੰਕੂ ਦੇ ਕੀਰਤਨੀ ਜਥੇ ਵੱਲੋਂ ਗੁਰਬਾਣੀ ਕੀਰਤਨ ਰਾਹੀਂ ਹਾਜ਼ਰੀ ਲਵਾਕੇ ਯੂਪੀ ਦੀਆਂ ਸੰਗਤਾਂ ਨੂੰ ਪੰਜਵੇਂ ਪਾਤਸ਼ਾਹ ਸ਼੍ਰੀ ਗੁਰੂ ਅਰਜਨ ਦੇਵ ਮਹਾਰਾਜ ਜੀ ਦੀ ਸ਼ਹੀਦੀ ਸਬੰਧੀ ਵਿਸਥਾਰ ਨਾਲ ਚਾਨਣਾ ਪਾਇਆ, ਭਾਈ ਖਾਲਸਾ ਨੇ ਦੱਸਿਆ ਪੰਜਾਬ ਤੇ ਆਏ ਰਾਗੀ ਢਾਡੀ ਕਵੀਸ਼ਰ ਪ੍ਰਚਾਰਕਾਂ ਵੱਲੋਂ ਵੀ ਹਾਜ਼ਰੀ ਲਵਾਈ ਗਈ, ਸਮੂਹ ਧਾਰਮਿਕ ਬੁਲਾਰਿਆਂ, ਵਿਸ਼ੇਸ਼ ਸ਼ਖ਼ਸੀਅਤਾਂ ਤੇ ਸਮਾਗਮ ਸਬੰਧੀ ਸੇਵਾਵਾਂ ਨਿਭਾਉਣ ਵਾਲੇ ਯੂ ਪੀ ਦੇ ਸਾਰੇ ਸਿੱਖਾਂ ਨੂੰ ਮੁੱਖ ਪ੍ਰਬੰਧਕ ਸੰਤ ਬਾਬਾ ਸੁਖਵਿੰਦਰ ਸਿੰਘ ਜੀ ਵੱਲੋਂ ਵਿਸ਼ੇਸ਼ ਸਨਮਾਨ ਦਿੱਤਾ ਗਿਆ ਅਤੇ ਗੁਰੂ ਕੇ ਲੰਗਰ ਤੇ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਵੀ ਲਗਾਈਆਂ ਗਈਆਂ, ਇਸ ਮੌਕੇ ਤੇ ਸੰਤ ਸੁਖਵਿੰਦਰ ਸਿੰਘ ਜੀ ਵੱਲੋਂ ਸਮੂਹ ਸੰਗਤਾਂ ਦਾ ਧੰਨਵਾਦ ਵੀ ਕੀਤ, ਇਸ ਮੌਕੇ ਭਾਈ ਅਮਰਜੀਤ ਸਿੰਘ, ਬਾਬਾ ਦਾਰਾ ਸਿੰਘ, ਭਾਈ ਬਖਸ਼ੀਸ਼, ਭਾਈ ਗੁਰਮੇਲ ਸਿੰਘ ਤੋਂ ਇਲਾਵਾ ਸੈਂਕੜੇ ਬੁਲਾਰੇ ਤੇ ਹਜ਼ਾਰਾਂ ਸੰਗਤਾਂ ਹਾਜ਼ਰ ਸਨ ।

### ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ ਨੇ ਮਹਿਤਾ ਤੋਂ ਅੰਮ੍ਰਿਤਸਰ ਜਾਣ ਵਾਲੀ ਬੱਸ ਨੂੰ ਦਿੱਤੀ ਹਰ ਝੰਡੀ

# ਪਿਛਲੇ ਲੰਬੇ ਸਮੇਂ ਤੋਂ ਬੱਸ ਸੇਵਾਵਾਂ ਸਨ ਠੱਪ- ਜਲਾਲ ਤੋਂ ਵਾਇਆ ਸੈਦਪੁਰ, ਟਾਂਗਰਾ




**ਚੌਂਕ ਮਹਿਤਾ, 12 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ, ਮਾਨ ਸਰਕਾਰ ਵੱਲੋਂ ਲੋਕ ਭਲਾਈ ਅਤੇ ਲੋਕ ਸਹੂਲਤਾਂ ਦੇਣ ਦੇ ਲਈ ਹਮੇਸ਼ਾਂ ਯਤਨਸ਼ੀਲ ਤੇ ਵਚਨਬੱਦ ਹੈ,ਉਥੇ ਸਰਕਾਰ ਨੇ ਲੋਕ ਸਹੂਲਤਾਂ ਵਿੱਚ ਇੱਕ ਕਦਮ ਹੋਰ ਵਧਾ ਕੇ ਮਹਿਤਾ ਚੌਂਕ ਅੰਮ੍ਰਿਤਸਰ ਰੂਟ ਦੀ ਪਿਛਲੇ ਲੰਬੇ ਸਮੇਂ ਤੋਂ ਬੰਦ ਪਈ ਬੱਸ ਸੇਵਾ ਨਿੱਜੀ ਉਪਰਾਲਿਆਂ ਸਦਕਾ ਮੰਤਰੀ ਸ:ਹਰਭਜਨ ਸਿੰਘ ਈ.ਟੀ.ਓ ਵੱਲੋ ਝੰਡੀ ਦੇ ਕੇ ਆਰੰਭ ਕਰਕੇ ਇਲਾਕੇ ਦੀ ਪਬਲਿਕ ਲਈ ਟਰਾਂਸਪੋਰਟ ਸਹੂਲਤ ਸ਼ੁਰੂ ਕੀਤੀ ਗਈ ਹੈ। ਕੈਬਨਿਟ ਮੰਤਰੀ ਈ ਟੀ ਓ ਹਰਭਜਨ ਸਿੰਘ ਨੇ ਹਾਜਰ ਅਹੁਦੇਦਾਰਾਂ ਅਤੇ ਪਬਲਿਕ ਨੂੰ ਸੰਬੋਧਿਤ ਹੁੰਦਿਆਂ ਹੋਇਆਂ ਕਿਹਾ ਕੇ ਇਹ ਬੱਸ ਸੇਵਾ ਡਰਾਈਵਰਾਂ ਦੀ ਘਾਟ ਕਰਕੇ ਪਿਛਲੇ ਲੰਬੇ ਸਮੇ ਤੋ ਬੰਦ ਸੀ, ਜੋ ਸਰਕਾਰ ਵੱਲੋ ਨਵੀ ਭਰਤੀ ਕਰਨ ਨਾਲ ਮੁੜ ਚਲਾ ਕੇ ਇਲਾਕੇ ਦੀ ਪਬਲਿਕ ਨੂੰ ਸਰਕਾਰੀ ਸਫਰ ਸਹੂਲਤ ਪ੍ਰਦਾਨ ਕਰ ਦਿੱਤੀ ਗਈ ਹੈ। ਮੰਤਰੀ ਜੀ ਨੇ ਦੱਸਿਆ ਕਿ ਜਿਥੇ ਇਹ ਬੱਸ ਚੱਲਣ ਨਾਲ ਪਿੰਡਾਂ ਦੇ ਨਵੇਂ ਰੂਟਾਂ ਤੇ ਅੱਜ ਤੋਂ ਹੀ ਦੌੜੇਗੀ ਰੋਡਵੇਜ਼ ਦੀ ਨਵੀਂ ਬੱਸ, ਹਰੀ ਝੰਡੀ ਦੇਣ ਮੌਕੇ ਉਹਨਾਂ ਦੱਸਿਆ ਕੇ ਇਹ ਮਹਿਤਾ ਚੌਂਕ ਤੋਂ ਉਦੋ ਨੰਗਲ,ਸੂਰੋਪੱਡਾ,ਨਾਥ ਦੀ ਖੂਹੀ,ਜਲਾਲ ਉਸਮਾ,ਮਹਿਸ਼ਮਪੁਰ,ਸੈਦਪੁਰ,ਕੋਟਹਿਆਤ, ਸਿੰਘਪੁਰਾ, ਜਸਪਾਲ, ਡੇਅਰੀਵਾਲ, ਸਰਜਾ, ਧੂਲਕਾ, ਬਾਣੀਆਂ, ਚੌਹਾਨ, ਟਾਂਗਰਾ, ਮੱਲੀਆਂ,ਜੰਡਿਆਲਾ ਗੁਰੂ ਤੋਂ ਮਾਨਾਂਵਾਲਾ ਹੁੰਦੀ ਹੋਈ ਅੰਮ੍ਰਿਤਸਰ ਪੁੱਜੇਗੀ ਜਿਸ ਨਾਲ ਹੋਰ ਵੀ ਦਰਜਨਾਂ ਪਿੰਡਾਂ ਨੂੰ ਲਾਭ ਮਿਲੇਗਾ ਜਿਥੇ ਸਕੂਲਾਂ, ਕਾਲਜਾਂ ਦੇ ਵਿਦਿਆਰਥੀਆਂ ਨੂੰ ਸਰਕਾਰੀ ਬੱਸ ਸੇਵਾ ਦੀ ਸਹੂਲਤ ਮਿਲੇਗੀ, ਓਥੇ ਖਾਸ ਤੌਰ ਤੇ ਅਧਾਰ ਕਾਰਡ ਦੀ ਸਹੂਲਤ ਵਾਲੀਆਂ ਮਹਿਲਾਵਾਂ ਨੂੰ ਮੁਫਤ ਸਫਰ ਦਾ ਵਧਰੇ ਲਾਭ ਪ੍ਰਾਪਤ ਹੋਵੇਗਾ। ਇਹ ਬੱਸ ਮਹਿਤਾ ਚੌਂਕ ਤੋ ਰੋਜਾਨਾਂ ਸਮਾਂ ਸਵੇਰੇ 6-30 ਵਜੇ ਚੱਲਕੇ 8-30 ਦੇ ਕਰੀਬ ਅੰਮ੍ਰਿਤਸਰ ਪੁੱਜੇਗੀ ਅਤੇ ਇਸੇ ਤਰਾਂ ਇਸੇ ਤਰਾਂ ਸ਼ਾਮ ਨੂੰ ਸਮਾਂ 3: 30 ਵਜੇ ਅੰਮ੍ਰਿਤਸਰ ਤੋ ਚੱਲਕੇ 5.30 ਵਜੇ ਮਹਿਤਾ ਚੌਂਕ ਵਿਖੇ ਰੋਜਾਨਾਂ ਰਾਤ ਬੰਦ ਹੋਵੇਗੀ। ਇਹ ਸਹੂਲਤ ਪਬਲਿਕ ਹਿੱਤ ਵਿੱਚ ਭਵਿੱਖ ਵਿੱਚ ਵੀ ਜਾਰੀ ਰਹੇਗੀ। ਇਸ ਮੌਕੇ ਤੇ ਪੰਜਾਬ ਰੋਡਵੇਜ਼ ਅੰਮ੍ਰਿਤਸਰ-1 ਡਿਪੂ ਦੇ ਜਨਰਲ ਮੈਨੇਜਰ ਸ:ਪਰਮਜੀਤ ਸਿੰਘ ਸੰਧੂ, ਪੰਜਾਬ ਰੋਡਵੇਜ਼ ਅੰਮ੍ਰਿਤਸਰ-2 ਡਿਪੂ ਦੇ ਜਨਰਲ ਮੈਨੇਜਰ ਸ:ਹਰਬਰਿੰਦਰ ਸਿੰਘ ਗਿੱਲ, ਅਤੇ ਉਹਨਾਂ ਦੇ ਸਟਾਫ ਦੇ ਸਰਵਸ੍ਰੀ ਮਨਿੰਦਰ ਸਿੰਘ ਇੰਸਪੈਕਟਰ, ਰਵਿੰਦਰ ਸਿੰਘ ਇੰਸਪੈਕਟਰ, ਅਤੇ ਹੋਰ ਅਧਿਕਾਰੀ/ਕਰਮਚਾਰੀ ਮੌਜੂਦ। ਸਰਪੰਚ ਅਜੇ ਗਾਂਧੀ ਚੌਕ ਮਹਿਤਾ, ਚੇਅਰਮੈਂਨ ਗੁਰਿੰਦਰ ਸਿੰਘ ਖੱਬੇਰਾਜਪੂਤਾ, ਜਸਕਰਨ ਸਿੰਘ ਸੰਧੂ ਜਿਲਾ ਦਿਹਾਤੀ ਸੋਸ਼ਲ ਮੀਡੀਆਂ ਇੰਚਾਰਜ ਅੰਮ੍ਰਿਸਰ, ਰਾਜਵਿੰਦਰ ਸਿੰਘ ਲਾਡੀ ਸੁਰੋਪੱਡ ਸੀਨੀਅਰ ਆਗੂ, ਸਰਪੰਚ ਲਖਵਿੰਦਰ ਸਿੰਘ ਜਲਾਲਾ ਉਸਮਾਂ,ਬੂਟਾ ਸਿੰਘ ਜਲਾਲ, ਸਰਪੰਚ ਮਨਜੀਤ ਸਿੰਘ ਮਲਕ ਨੰਗਲ ਸਰਪੰਚ ਹਰਪ੍ਰੀਤ ਸਿੰਘ ਦੀਪੂ ਉਦੋਂ ਨੰਗਲ ਖੁਰਦ, ਸਰਪੰਚ ਬਲਜੀਤ ਸਿੰਘ ਸੈਦੂਕੇ, ਜਰਮਨ ਸਿੰਘ ਉਦੋਨੰਗਲ, ਅਜੀਤ ਸਿੰਘ ਬੱਬੀ,ਸੁਖਜੀਤ ਸਿੰਘ ਰਾਜੂ,ਰਸਪਾਲ ਸਿੰਘ ਨੂਰੀ,ਗੁਰਜਿੰਦਰ ਸਿੰਘ ਘੁਹਾਟਵਿੰਡ, ਦਯਾ ਸਿੰਘ ਮਹਿਤਾ,ਬਲਜੀਤ ਕੌਰ ਪੱਲਾ, ਤਰਲੋਚਨ ਸਿੰਘ ਡੋਲ ਨੰਗਲ ਕਲਾਥ,ਬਲਾਕ ਸੰਮਤੀ ਮੈਬਰ ਪ੍ਰਿਤਪਾਲ ਸਿੰਘ ਮਹਿਤਾ, ਸਰਪੰਚ ਚਰਨਜੀਤ ਸਿੰਘ ਤੇ ਕੁਲਦੀਪ ਸਿੰਘ ਕੋਟ ਹਯਿਆਤ ਆਦਿ ਹਾਜ਼ਰ ਸਨ।

# ਅਹਿਮਦਾਬਾਦ ਚ ਹਵਾਈ ਜਹਾਜ ਹਾਦਸਾਗ੍ਰਸਤ ਹੋਣ ਤੇ ਦੇਸ਼ ਚ ਸੋਗ ਦੀ ਲਹਿਰ ਮਾਰੇ ਗਏ ਮੁਸਾਫਿਰਾਂ ਨੂੰ ਪ੍ਰਮਾਤਮਾ ਚਰਨਾਂ 'ਚ ਨਿਵਾਸ ਬਖਸ਼ਣ

## ਹਾਦਸੇ ਦੀ ਉਚ ਪੱਧਰੀ ਹੋਵੇ ਜਾਂਚ-ਬਾਬਾ ਬਿਬੇਕ ਸਿੰਘ



**ਜੰਡਿਆਲਾ ਗੁਰੂ, 12 ਜੂਨ ( ਕੁਲਵੰਤ ਸਿੰਘ ਵਿਰਦੀ )**-ਅਹਿਮਦਾਬਾਦ ਚ ਏਅਰ ਇੰਡੀਆ ਦੇ ਵਾਪਰੇ ਭਿਅੰਕਰ ਦੁਖਦਾਈ ਹਵਾਈ ਹਾਦਸੇ ਦੀ ਘਟਨਾ ਵਾਪਰਦਿਆਂ ਹੀ ਸੋਸਲ ਮੀਡੀਆ ਰਾਹੀਂ ਪੂਰੇ ਦੇਸ਼ ਚ ਘਟਨਾ ਦੀ ਖਬਰ ਵਾਇਰਲ ਹੋਣ ਤੇ ਪੂਰੇ ਦੇਸ਼ ਵਿੱਚ ਸੋਗ ਦੀ ਲਹਿਰ ਦਿਖਾਈ ਦੇ ਰਹੀ ਹੈ ਜਿਸ ਦੇ ਚੱਲਦਿਆਂ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਸੇਵਾਦਾਰ ਬਾਬਾ ਬਿਬੇਕ ਸਿੰਘ ਜੀ ਤੇ ਸ੍ਰੋਮਣੀ ਪੰਥ ਅਕਾਲੀ ਦਸਮੇਸ਼ ਤਰਨਾਦਲ ਦੇ ਸਿੰਘ ਸਾਹਿਬ ਜਥੇਦਾਰ ਮੇਜਰ ਸਿੰਘ ਨੇ ਅਹਿਮਦਾਬਾਦ (ਗੁਜਰਾਤ) ਵਿਖੇ ਵਾਪਰੇ ਭਿਅੰਕਰ ਹਵਾਈ ਹਾਦਸੇ ਤੇ ਗਹਿਰਾ ਦੁੱਖ ਦਾ ਪ੍ਰਗਟ ਕਰਦਿਆਂ ਹੋਇਆ ਕਿਹਾ ਕਿ ਇਸ ਹਾਦਸੇ ਵਿੱਚ ਜਾਨਾਂ ਗੁਆਉਣ ਵਾਲੇ ਮੁਸਾਫਿਰਾਂ ਨੂੰ ਪ੍ਰਮਾਤਮਾ ਆਪਣੇ ਚਰਨਾਂ ਵਿੱਚ ਨਿਵਾਸ ਬਖਸਣ ਅਤੇ ਪਿੱਛੇ ਪ੍ਰੀਵਾਰਾਂ ਨੂੰ ਭਾਣਾ ਮੰਨਣ ਦਾ ਬਲ ਬਖਸਣ ! ਅੱਗੇ ਬਾਬਾ ਬਿਬੇਕ ਸਿੰਘ ਨੇ ਕਿਹਾ ਕਿ ਭਾਰਤ ਸਰਕਾਰ ਦੇ ਹਵਾਈ ਮੰਤਰਾਲੇ ਨੂੰ ਇਸ ਹਾਦਸੇ ਦੀ ਉਚ ਪੱਧਰੀ ਜਾਂਚ ਕਰਵਾਉਣੀ ਚਾਹੀਦੀ ਹੈ ਤਾਂ ਜੋ ਇਸ ਹਾਦਸੇ ਦੇ ਕਾਰਨਾਂ ਦਾ ਪਤਾ ਚੱਲ ਸਕੇ ਅਤੇ ਆਉਣ ਵਾਲੇ ਭਵਿੱਖ ਵਿੱਚ ਅਜਿਹਾ ਦੁਖਦਾਈ ਹਵਾਈ ਹਾਦਸਾ ਫਿਰ ਨਾ ਵਾਪਰ ਸਕੇ। ਅਤੇ ਜਾਂਚ ਵਿੱਚ ਹਾਦਸੇ ਦੇ ਦੋਸੀਆਂ ਵਿਰੁੱਧ ਸਖਤ ਤੋਂ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇ।

# ਸ੍ਰੀ ਵਿਜੇ ਰੁਪਾਣੀ ਦੇ ਸਦੀਵੀ ਵਿਛੋੜੇ ਨਾਲ ਪੰਜਾਬ ਭਾਜਪਾ ਨੂੰ ਵੱਡਾ ਘਾਟਾ ਪਿਆ ਹੈ: ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ, 12 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਵੀ ਅਹਿਮਦਾਬਾਦ ਹਵਾਈ ਹਾਦਸੇ ਦੀ ਦੁਖਾਂਤ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ ਅਤੇ ਜਾਨਾਂ ਗੁਆਉਣ ਵਾਲਿਆਂ ਨੂੰ ਸ਼ਰਧਾਂਜਲੀ ਭੇਟ ਕੀਤੀ। ਉਨ੍ਹਾਂ ਕਿਹਾ ਕਿ ਇਸ ਹਾਦਸੇ ਕਾਰਨ ਗੁਜਰਾਤ ਦੇ ਸਾਬਕਾ ਮੁੱਖ ਮੰਤਰੀ ਅਤੇ ਭਾਰਤੀ ਜਨਤਾ ਪਾਰਟੀ ਦੇ ਪੰਜਾਬ ਅਤੇ ਚੰਡੀਗੜ੍ਹ ਮਾਮਲਿਆਂ ਦੇ ਇੰਚਾਰਜ ਸ੍ਰੀ ਵਿਜੇ ਰੂਪਾਣੀ ਹਮੇਸ਼ਾ ਲਈ ਭਾਜਪਾ ਤੋਂ ਦੂਰ ਹੋ ਗਏ ਹਨ। ਜਿਸ ਕਾਰਨ ਭਾਜਪਾ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।

# ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਨਵੀਂ ਮਾਈਨਿੰਗ ਨੀਤੀ ਸਬੰਧੀ ਕਰੱਸ਼ਰ ਤੇ ਜ਼ਮੀਨ ਮਾਲਕਾਂ ਨੂੰ ਕੀਤਾ ਜਾਗਰੂਕ

**ਹੁਸ਼ਿਆਰਪੁਰ, 12 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਦੇ ਖਾਣਾਂ ਅਤੇ ਭੂ-ਵਿਗਿਆਨ ਵਿਭਾਗ ਵੱਲੋਂ ਜਾਰੀ ਕੀਤੀ ਗਈ ਪੰਜਾਬ ਰਾਜ ਮਾਈਨਰ ਮਿਨਰਲ (ਸੋਧ) ਪਾਲਿਸੀ-2025 ਤਹਿਤ ਜ਼ਿਲ੍ਹਾ ਪੱਧਰ 'ਤੇ ਸਬੰਧਤ ਧਿਰਾਂ ਨੂੰ ਜਾਗਰੂਕ ਕਰਨ ਦੇ ਉਦੇਸ਼ ਨਾਲ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ ਪ੍ਰਧਾਨਗੀ ਇਕ ਅਹਿਮ ਮੀਟਿੰਗ ਹੋਈ। ਮੀਟਿੰਗ ਵਿੱਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ, ਕਰੱਸ਼ਰ ਮਾਲਕਾਂ ਅਤੇ ਮਾਈਨਿੰਗ ਦੇ ਕੰਮ ਵਿਚ ਸ਼ਾਮਿਲ ਜ਼ਮੀਨ ਮਾਲਕਾਂ ਨੇ ਹਿੱਸਾ ਲਿਆ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਇਸ ਮੌਕੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿਚ ਗੈਰ-ਕਾਨੂੰਨੀ ਮਾਈਨਿੰਗ ਨੂੰ ਰੋਕਣ ਅਤੇ ਰੇਤ ਅਤੇ ਬੱਜਰੀ ਦੀਆਂ ਕੀਮਤਾਂ ਨੂੰ ਹੋਰ ਘਟਾਉਣ ਲਈ ਇਸ ਨੀਤੀ ਵਿਚ ਸੋਧ ਕੀਤੀ ਗਈ ਹੈ।

ਡਿਪਟੀ ਕਮਿਸ਼ਨਰ ਨੇ ਨਵੀਂ ਨੀਤੀ ਤਹਿਤ ਸ਼ੁਰੂ ਕੀਤੀਆਂ ਗਈਆਂ ਦੋਵੇਂ ਨਵੀਆਂ ਸ਼੍ਰੇਣੀਆਂ ਕਰੱਸ਼ਰ ਮਾਈਨਿੰਗ ਸਾਈਟਾਂ (ਸੀ.ਆਰ.ਐਮ.ਐਸ) ਅਤੇ ਲੈਂਡਓਨਰ ਮਾਈਨਿੰਗ ਸਾਈਟਸ (ਐਲ.ਐਮ.ਐਸ) ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਸੀ.ਆਰ.ਐਮ.ਐਸ ਅਤੇ ਐਲ.ਐਮ.ਐਸ ਉਨ੍ਹਾਂ ਖੇਤਰਾਂ ਵਿਚ ਲਾਗੂ ਹੋਣਗੇ, ਜਿਥੇ ਬੱਜਰੀ ਦੀ ਢੁਕਵੀਂ ਉਪਲਬੱਧਤਾ ਹੈ। ਦੋਵਾਂ ਸ਼੍ਰੇਣੀਆਂ ਲਈ ਲਾਇਸੰਸ ਪੰਜ ਸਾਲਾਂ ਲਈ ਦਿੱਤਾ ਜਾਵੇਗਾ। ਹਾਲਾਂਕਿ, ਜਿਥੇ ਮੌਜੂਦਾ ਵਪਾਰਕ ਮਾਈਨਿੰਗ ਸਾਈਟਾਂ (ਸੀ.ਐਮ.ਐਸ) ਜਾਂ ਜਨਤਕ ਮਾਈਨਿੰਗ ਸਾਈਟਾਂ (ਪੀ.ਐਮ.ਐਸ) ਸਰਗਰਮ ਹਨ, ਉਥੇ ਸੀ.ਆਰ.ਐਮ.ਐਸ ਜਾਂ ਐਲ.ਐਮ.ਐਸ ਦੀ ਇਜਾਜ਼ਤ ਮੌਜੂਦਾ ਇਕਰਾਰਨਾਮਿਆਂ ਦੀ ਮਿਆਦ ਪੁੱਗਣ ਜਾਂ ਤਿੰਨ ਸਾਲਾਂ ਤੱਕ ਨਾ ਚਲਾਇਆ ਗਿਆ ਹੋਵੇ।


ਆਸ਼ਿਕਾ ਜੈਨ ਨੇ ਕਿਹਾ ਕਿ ਅਰਜ਼ੀ ਪ੍ਰਕਿਰਿਆ ਨੂੰ ਸਰਲ ਅਤੇ ਪਾਰਦਰਸ਼ੀ ਬਣਾਉਣ ਲਈ ਵਿਭਾਗ ਵੱਲੋਂ ਐਸ.ਓ.ਪੀ ਵੀ ਜਾਰੀ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਆਨਲਾਈਨ ਅਪਲਾਈ ਕਰਦੇ ਸਮੇਂ ਆਧਾਰ ਕਾਰਡ, ਪੈਨ ਕਾਰਡ, ਜੀ.ਐਸ.ਟੀ ਨੰਬਰ (ਜੇ ਲਾਗੂ ਹੋਵੇ), ਜਮ੍ਹਾਂਬੰਦੀ ਦੀ ਪ੍ਰਮਾਣਿਤ ਕਾਪੀ, ਗਿਰਦਾਵਰੀ (ਜੇ ਲਾਗੂ ਹੋਵੇ), ਪ੍ਰਸਤਾਵਿਤ ਸਥਾਨ ਦੀ ਕੇ.ਐਮਐਲ ਫਾਈਲ, ਫਾਰਮ-1: ਜ਼ਮੀਨ ਮਾਲਕ ਦੀ ਸਹਿਮਤੀ/ਇਕਰਾਰਨਾਮਾ, ਫਾਰਮ-2: ਸੰਯੁਕਤ ਮਾਲਕੀ ਮਾਮਲਿਆਂ ਲਈ ਸਹਿਮਤੀ ਹਲਫ਼ਨਾਮਾ ਅਤੇ ਫਾਰਮ-3: ਡੀ.ਐਸ.ਆਰ ਸਹਿਮਤੀ ਹਲਫ਼ਨਾਮਾ ਨੱਥੀ ਕਰਨਾ ਜ਼ਰੂਰੀ ਹੈ।

ਡਿਪਟੀ ਕਮਿਸ਼ਨਰ ਨੇ ਸਪੱਸ਼ਟ ਕੀਤਾ ਕਿ ਇਹ ਨਵੀਂ ਨੀਤੀ ਸੂਬੇ ਵਿੱਚ ਪਾਰਦਰਸ਼ਤਾ ਨੂੰ ਯਕੀਨੀ ਬਣਾਉਣ, ਗੈਰ-ਕਾਨੂੰਨੀ ਮਾਈਨਿੰਗ ਨੂੰ ਕੰਟਰੋਲ ਕਰਨ ਅਤੇ ਸਥਾਨਕ ਲੋਕਾਂ ਨੂੰ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਸਾਰੀਆਂ ਸਬੰਧਤ ਧਿਰਾਂ ਨੂੰ ਇਸ ਨੀਤੀ ਦੇ ਵੇਰਵਿਆਂ ਤੋਂ ਜਾਣੂ ਕਰਵਾਉਣ ਤਾਂ ਜੋ ਭਵਿੱਖ ਵਿੱਚ ਅਰਜ਼ੀ ਪ੍ਰਕਿਰਿਆ ਵਿੱਚ ਕੋਈ ਉਲਝਣ ਨਾ ਹੋਵੇ। ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅਮਰਬੀਰ ਕੌਰ ਭੁੱਲਰ, ਐਕਸੀਅਨ ਮਾਈਨਿੰਗ ਸੰਚਿਤ ਸ਼ਰਮਾ, ਐਸ.ਡੀ.ਓ ਸੰਦੀਪ ਕੁਮਾਰ ਵੀ ਮੌਜੂਦ ਸਨ।

ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਵੱਲੋਂ

# ਸੰਗਤਾਂ ਨੂੰ ਗੁਰ ਇਤਿਹਾਸ ਦੀ ਕਥਾ ਸ੍ਰਵਣ ਕਰਵਾਕੇ ਨਿਹਾਲ ਕੀਤਾ ਗਿਆ






ਵੱਡੇ ਮਹਾਂਪੁਰਖਾਂ ਦੇ ਸਮੇਂ ਤੋਂ, ਦਮਦਮੀ ਟਕਸਾਲ ਜਥੇਬੰਦੀ ਵੱਲੋਂ , ਹਰ ਸਾਲ ਜੇਠ ਦਾ ਇਕ ਮਹੀਨਾਂ, ਇਤਿਹਾਸਕ ਗੁਰ ਅਸਥਾਨ ਗੁ: ਸ਼੍ਰੀ ਨਾਭਾ ਸਾਹਿਬ ਨੇੜੇ ਜੀਰਕਪੁਰ ਵਿਖੇ, ਕਥਾ ਕੀਰਤਨ ਦੇ ਪ੍ਰਵਾਹ ਚਲਾਏ ਜਾਂਦੇ ਹਨ ।ਇਹਨਾਂ ਕਥਾ ਕੀਰਤਨ ਦੇ ਸਮਾਗਮਾਂ 'ਚ ਅੱਜ ਮਿਤੀ 12 ਜੂਨ 2025 ਨੂੰ ਦਮਦਮੀ ਟਕਸਾਲ ਦੇ ਮੁਖੀ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਵੱਲੋਂ ਸੰਗਤਾਂ ਨੂੰ ਗੁਰ ਇਤਿਹਾਸ ਦੀ ਕਥਾ ਸ੍ਰਵਣ ਕਰਵਾਕੇ ਨਿਹਾਲ ਕੀਤਾ ਗਿਆ।



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਗੁਰਦੁਆਰਾ ਪ੍ਰਉਪਕਾਰੀ ਭਾਈ ਲੱਧਾ ਸਾਹਿਬ ਜੀ, ਪਿੰਡ ਕੰਧਾਵਾਲੀ (ਵੱਲੀਆਂ) ਵਿਖੇ

# ਜੂਨ 1984 ਦੇ ਸ਼ਹੀਦਾਂ ਦੀ ਯਾਦ 'ਚ ਗੁਰਮਤਿ ਸਮਾਗਮ









ਫਿਰੋਜ਼ਪੁਰ 12 ਜੂਨ ( ) ਗੁਰਦੁਆਰਾ ਪ੍ਰਉਪਕਾਰੀ ਭਾਈ ਲੱਧਾ ਸਾਹਿਬ ਜੀ ਪਿੰਡ ਕੰਧਾਵਾਲੀ (ਵੱਲੀਆਂ) ਵਿਖੇ ਘਲੂਘਾਰਾ ਜੂਨ 1984 ਦੇ ਸਮੂਹ ਸ਼ਹੀਦਾਂ ਦੀ ਯਾਦ ਵਿੱਚ ਸਲਾਨਾ ਗੁਰਮਤਿ ਸਮਾਗਮ ਕਰਵਾਏ ਗਏ। ਇਸ ਗੁਰਮੱਤ ਸਮਾਗਮ ਆਰੰਭਤਾ ਸਮੇਂ ਸਭ ਤੋਂ ਪਹਿਲਾਂ ਸ੍ਰੀ ਸਹਿਜ ਪਾਠ ਦੇ ਭੋਗ ਪਾਏ ਗਏ। ਇਸ ਤੋਂ ਉਪਰੰਤ ਦੀਵਾਨ ਸਜਾਏ ਗਏ ਜਿਸ ਵਿੱਚ ਭਾਈ ਪਿੱਪਲ ਸਿੰਘ ਜੀ, ਭਾਈ ਬਲਵਿੰਦਰ ਸਿੰਘ ਦੇ ਰਾਗੀ ਜਥੇ ਅਤੇ ਭਾਈ ਕੁਲਦੀਪ ਸਿੰਘ ਜਾਮਾਂ ਰੱਖਈਆਂ ਦੇ ਰਾਗੀ ਜਥੇ ਨੇ ਇਲਾਹੀ ਬਾਣੀ ਦਾ ਕੀਰਤਨ ਕੀਤਾ ਅਤੇ ਸੰਗਤਾਂ ਨੂੰ ਸਿੱਖ ਇਤਿਹਾਸ ਨਾਲ ਸਬੰਧਤ ਸਾਖੀਆਂ ਸਰਵਨ ਕਰਵਾ ਕੇ ਗੁਰੂ ਨਾਲ ਜੋੜਿਆ। ਇਸ ਮੌਕੇ ਪੰਥ ਪ੍ਰਸਿੱਧ ਕਥਾਵਾਚਕ ਗਿਆਨੀ ਸੁਖਦੇਵ ਸਿੰਘ ਅਜ਼ਾਦ ਨੇ ਕਥਾ ਕਰਦਿਆਂ ਵੀਹਵੀਂ ਸਦੀ ਦੇ ਮਹਾਨ ਸਿੱਖ ਜਰਨੈਲ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ ਜੀਵਨੀ ਤੋਂ ਸੰਗਤਾਂ ਨੂੰ ਜਾਣੂ ਕਰਵਾਇਆ ਅਤੇ ਜੂਨ 1984 ਦੇ ਘੱਲੂਘਾਰੇ ਨਾਲ ਸਬੰਧਤ ਸਮੂਹ ਸ਼ਹੀਦਾਂ ਦੀ ਕੁਰਬਾਨੀ ਦੀ ਵਿਸਥਾਰ ਪੂਰਵਕ ਵਿਆਖਿਆ ਕਰਕੇ ਸਮਝਾਇਆ ਕਿ ਕਿਸ ਤਰ੍ਹਾਂ ਮੁੱਠੀ ਭਰ ਗੁਰੂ ਦੇ ਸਿੱਖ ਮਰਜੀਵੜਿਆਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਚੜ੍ਹ ਕੇ ਆਈ ਭਾਰਤੀ ਫ਼ੌਜ ਨੂੰ ਲੋਹੇ ਦੇ ਚਣੇ ਚਬਾਏ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਾਣ ਮਰਿਯਾਦਾ ਨੂੰ ਬਹਾਲ ਰੱਖਦਿਆਂ ਦੁਸ਼ਮਣ ਨਾਲ ਲੜਦਿਆਂ ਲੜਦਿਆਂ ਸ਼ਹੀਦੀ ਪ੍ਰਾਪਤ ਕੀਤੀ। ਇਸ ਮੌਕੇ ਏਕ ਨੂਰ ਖਾਲਸਾ ਫੌਜ ਦੇ ਜ਼ਿਲ੍ਹਾ ਆਗੂ ਭਾਈ ਲਖਵੀਰ ਸਿੰਘ ਨੰਬਰਦਾਰ ਮਹਾਲਮ ਨੇ ਉਚੇਚੇ ਤੌਰ ਤੇ ਹਾਜ਼ਰੀ ਭਰੀ ਅਤੇ ਸੰਗਤਾਂ ਨੂੰ ਸੰਬੋਧਨ ਕੀਤਾ, ਇਸ ਮੌਕੇ ਭਾਈ ਭਗਵਾਨ ਸਿੰਘ, ਭਾਈ ਬਲਦੇਵ ਸਿੰਘ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਜ਼ਿਲ੍ਹਾ ਪ੍ਰਧਾਨ ਭਾਈ ਪਿੱਪਲ ਸਿੰਘ ਸਦਰਦੀਨ, ਬਲਾਕ ਪ੍ਰਧਾਨ ਮਮਦੋਟ ਭਾਈ ਬਲਵਿੰਦਰ ਸਿੰਘ ਫਿਰੋਜ਼ਸ਼ਾਹ, ਬਲਾਕ ਪ੍ਰਧਾਨ ਗੁਰੂ ਹਰਸਹਾਇ ਭਾਈ ਕੁਲਦੀਪ ਸਿੰਘ ਜਾਮਾਂ ਰੱਖਈਆਂ, ਜ਼ਿਲ੍ਹਾ ਸੱਕਤਰ ਭਾਈ ਸੁਖਦੇਵ ਸਿੰਘ ਅਜ਼ਾਦ, ਭਾਈ ਜਸਵੰਤ ਸਿੰਘ ਜਾਮਾਂ ਰੱਖਈਆਂ, ਪਿੰਡ ਵੱਲੀਆਂ ਦੇ ਸਰਪੰਚ ਜਗਸੀਰ ਸਿੰਘ, ਸ਼ਿੰਦਰਪਾਲ ਸਿੰਘ ਨੇ ਆਈਆਂ ਸੰਗਤਾਂ ਨੂੰ ਸੰਬੋਧਨ ਕੀਤਾ। ਇਸ ਮੌਕੇ ਢੁੱਮਣ ਸਿੰਘ ਨੇ ਸਾਊਡ ਦੀ ਨਿਸ਼ਕਾਮ ਸੇਵਾ ਨਿਭਾਈ। ਇਸ ਮੌਕੇ ਗੁਰਦੁਆਰਾ ਪ੍ਰਉਪਕਾਰੀ ਭਾਈ ਲੱਧਾ ਸਾਹਿਬ ਜੀ ਦੇ ਮੁੱਖ ਸੇਵਾਦਾਰ ਅਤੇ ਇੰਟਰਨੈਸ਼ਨਲ ਪੰਥਕ ਦਲ ਧਾਰਮਿਕ ਵਿੰਗ ਦੇ ਪੰਜਾਬ ਪ੍ਰਧਾਨ ਬਾਬਾ ਸਤਨਾਮ ਸਿੰਘ ਜੀ ਵੱਲੀਆਂ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਆਏ ਹੋਏ ਆਗੂਆਂ ਨੂੰ ਗੁਰੂ ਘਰ ਦੀ ਸਿਰੋਪਾਓ ਦੀ ਦਾਤ ਬਖਸ਼ਿਸ਼ ਕਰ ਸਨਮਾਨਤ ਕੀਤਾ। ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤਿਆ ਅਤੇ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਲਗਾਈਆਂ ਗਈਆਂ।

ਆਵਾਜ਼ਿ ਕੌਮ AWAZE QAUM International Newspaper & WEB TV

# ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਨੇ 'ਈਜ਼ੀ ਜਮ੍ਹਾਂਬੰਦੀ' ਪੋਰਟਲ ਰਾਹੀਂ ਮਾਲ ਸੁਧਾਰਾਂ ਲਈ ਇਕ ਹੋਰ ਇਨਕਲਾਬੀ ਕਦਮ ਚੁੱਕਿਆ

**ਅੰਮ੍ਰਿਤਸਰ, 12 ਜੂਨ (ਆਵਾਜ਼ਿ ਕੌਮ ਬਿਊਰੋ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਅੱਜ 'ਈਜ਼ੀ ਜਮ੍ਹਾਂਬੰਦੀ' ਪੋਰਟਲ ਦੀ ਸ਼ੁਰੂਆਤ ਕੀਤੀ ਜਿਸ ਨਾਲ ਪੰਜਾਬ ਨੇ ਆਪਣੇ ਨਾਗਰਿਕਾਂ ਨੂੰ ਭ੍ਰਿਸ਼ਟਾਚਾਰ ਮੁਕਤ, ਸੁਚਾਰੂ, ਪ੍ਰੇਸ਼ਾਨੀ ਰਹਿਤ ਅਤੇ ਪਾਰਦਰਸ਼ੀ ਸੇਵਾਵਾਂ ਦੇਣ ਵਿੱਚ ਸਫਲਤਾ ਦਾ ਨਵਾਂ ਮੁਕਾਮ ਹਾਸਲ ਕੀਤਾ ਹੈ। ਦੋਵਾਂ ਆਗੂਆਂ ਨੇ ਕਿਹਾ ਕਿ ਇਸ ਸ਼ੁਰੂਆਤ ਨਾਲ ਮਾਲ ਵਿਭਾਗ ਦੀਆਂ ਪ੍ਰਮੁੱਖ ਸੇਵਾਵਾਂ ਪ੍ਰਦਾਨ ਕਰਨ ਦੀ ਪ੍ਰਕਿਰਿਆ ਵਿੱਚੋਂ ਭ੍ਰਿਸ਼ਟਾਚਾਰ ਨੂੰ ਜੜ੍ਹੋਂ ਪੁੱਟਣ ਲਈ ਇੱਕ ਹੋਰ ਇਤਿਹਾਸਕ ਕਦਮ ਚੁੱਕਿਆ ਹੈ। ਇਨ੍ਹਾਂ ਸੇਵਾਵਾਂ ਨਾਲ ਹਰੇਕ ਸਾਲ ਲੱਖਾਂ ਲੋਕਾਂ ਦਾ ਸਿੱਧਾ ਵਾਹ ਪੈਂਦਾ ਹੈ। ਉਨ੍ਹਾਂ ਕਿਹਾ ਕਿ ਕੁਝ ਦਿਨ ਪਹਿਲਾਂ ਪੰਜਾਬ ਨੇ 'ਈਜ਼ੀ ਰਜਿਸਟਰੀ' ਦੀ ਸ਼ੁਰੂਆਤ ਕੀਤੀ ਸੀ, ਜਿਸਦਾ ਉਦੇਸ਼ ਜਾਇਦਾਦ ਦੀ ਰਜਿਸਟਰੀ ਨੂੰ ਸਰਲ ਅਤੇ ਪਾਰਦਰਸ਼ੀ ਬਣਾਉਣਾ ਅਤੇ ਭ੍ਰਿਸ਼ਟਾਚਾਰ ਨੂੰ ਮੁਕੰਮਲ ਤੌਰ 'ਤੇ ਖਤਮ ਕਰਨਾ ਹੈ। ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਉਨ੍ਹਾਂ ਨੇ ਮੋਹਾਲੀ ਵਿੱਚ 'ਈਜ਼ੀ ਰਜਿਸਟਰੀ' ਦਾ ਉਪਰਾਲਾ ਸ਼ੁਰੂ ਕੀਤਾ ਸੀ ਅਤੇ ਇਹ ਲੋਕਾਂ ਲਈ ਵੱਡੀ ਸਫਲਤਾ ਸਾਬਤ ਹੋਇਆ ਹੈ। ਉਨ੍ਹਾਂ ਕਿਹਾ ਕਿ ਪਿਛਲੇ ਮਹੀਨੇ ਇਸ ਪੂਰੇ ਜ਼ਿਲ੍ਹੇ ਤੋਂ ਭ੍ਰਿਸ਼ਟਾਚਾਰ ਦੀ ਇਕ ਵੀ ਸ਼ਿਕਾਇਤ ਦਰਜ ਨਹੀਂ ਕੀਤੀ ਗਈ ਜੋ ਇਸ ਪਹਿਲਕਦਮੀ ਦੀ ਸ਼ਾਨਦਾਰ ਸਫਲਤਾ ਨੂੰ ਦਰਸਾਉਂਦਾ ਹੈ। ਦੋਵਾਂ ਆਗੂਆਂ ਨੇ ਕਿਹਾ ਕਿ ਇਸ 'ਈਜ਼ੀ ਰਜਿਸਟਰੀ' ਨੂੰ 15 ਜੁਲਾਈ ਤੱਕ ਪੂਰੇ ਪੰਜਾਬ ਵਿੱਚ ਲਾਗੂ ਕਰ ਦਿੱਤਾ ਜਾਵੇਗਾ। ਦੋਵਾਂ ਆਗੂਆਂ ਨੇ ਕਿਹਾ ਕਿ ਹੁਣ ਜ਼ਮੀਨੀ ਰਿਕਾਰਡ ਲਈ ਪਟਵਾਰੀ ਕੋਲ ਜਾਣ, ਕਤਾਰਾਂ ਵਿੱਚ ਖੜ੍ਹੇ ਹੋਣ ਜਾਂ ਰਿਸ਼ਵਤ ਦੇਣ ਦੀ ਕੋਈ ਲੋੜ ਨਹੀਂ ਹੈ ਕਿਉਂਕਿ ਲੋਕਾਂ ਨੂੰ ਸਿਰਫ਼ 'ਈਜ਼ੀ ਵੈੱਬਸਾਈਟ' 'ਤੇ ਜਾ ਕੇ ਆਪਣੇ ਵੇਰਵੇ ਦਰਜ ਕਰਨੇ ਹਨ ਅਤੇ ਉਨ੍ਹਾਂ ਨੂੰ ਜਮ੍ਹਾਂਬੰਦੀ ਦੀ ਕਾਪੀ ਮੁਫ਼ਤ ਵਿੱਚ ਮਿਲ ਜਾਵੇਗੀ। ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਇਸ ਜਮ੍ਹਾਂਬੰਦੀ ਉਪਰ ਡਿਜੀਟਲ ਤੌਰ 'ਤੇ ਦਸਤਖਤ ਹੋਣਗੇ ਅਤੇ ਇਸ ਉਪਰ ਕਿਊ.ਆਰ. ਕੋਡ ਵੀ ਹੋਵੇਗਾ ਜਿਸ ਨਾਲ ਕੋਈ ਵੀ ਜ਼ਮੀਨੀ ਰਿਕਾਰਡ ਦੀ ਤਸਦੀਕ ਕਰਨ ਲਈ ਕਿਊ.ਆਰ. ਕੋਰਡ ਨੂੰ ਸਕੈਨ ਕਰ ਸਕਦਾ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਪੰਜਾਬ ਦੇ 99 ਫੀਸਦੀ ਪਿੰਡਾਂ ਦਾ ਜ਼ਮੀਨੀ ਰਿਕਾਰਡ ਡਿਜੀਟਾਈਜ਼ ਕਰ ਦਿੱਤਾ ਹੈ, ਸਾਰੇ ਜ਼ਮੀਨੀ ਰਿਕਾਰਡ ਇਸ ਸੇਵਾ ਰਾਹੀਂ ਪ੍ਰਾਪਤ ਕੀਤੇ ਜਾ ਸਕਦੇ ਹਨ ਅਤੇ ਨਾਲ ਹੀ ਬਾਕੀ ਰਹਿੰਦੇ ਪਿੰਡਾਂ ਨੂੰ ਵੀ ਅਗਲੇ ਦੋ ਮਹੀਨਿਆਂ ਵਿੱਚ ਡਿਜੀਟਾਈਜ਼ ਕਰ ਦਿੱਤਾ ਜਾਵੇਗਾ। ਰਪਟ ਐਂਟਰੀ ਬਾਰੇ ਗੱਲ ਕਰਦਿਆਂ ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਹਰ ਸਾਲ, ਲਗਭਗ 2 ਲੱਖ ਰਪਟ ਐਂਟਰੀਆਂ (ਅਦਾਲਤੀ ਹੁਕਮਾਂ ਜਾਂ ਕਰਜ਼ੇ ਬਾਰੇ ਇੰਦਰਾਜ) ਕੀਤੀਆਂ ਜਾਂਦੀਆਂ ਹਨ। ਉਨ੍ਹਾਂ ਕਿਹਾ ਕਿ ਹੁਣ ਦਸਤੀ ਪ੍ਰਕਿਰਿਆ ਜਾਂ ਦਫਤਰਾਂ ਦੇ ਝੰਜਟ ਵਿੱਚ ਪੈਣ ਦੀ ਕੋਈ ਲੋੜ ਨਹੀਂ। ਉਨ੍ਹਾਂ ਕਿਹਾ ਕਿ ਹਰ ਕੇਸ ਦਸਤੀ ਕਾਰਵਾਈ ਜਾਂ ਲਾਲ-ਫੀਤਾਸ਼ਾਹੀ ਤੋਂ ਬਿਨਾਂ ਹੀ ਪਟਵਾਰੀ ਤੋਂ ਸਿੱਧਾ ਡਿਜੀਟਲ ਰੂਪ ਵਿੱਚ ਤਬਦੀਲ ਹੋ ਜਾਵੇਗਾ। ਦੋਵਾਂ ਆਗੂਆਂ ਨੇ ਕਿਹਾ ਕਿ ਅਦਾਲਤੀ ਹੁਕਮਾਂ ਲਈ ਇਕ ਦਿਨ ਦੇ ਅੰਦਰ ਅਤੇ ਕਰਜ਼ਿਆਂ ਲਈ ਸੱਤ ਦਿਨਾਂ ਦੇ ਅੰਦਰ ਰਪਟ ਐਂਟਰੀ ਕੀਤੀ ਜਾਵੇਗੀ। ਫਰਦ ਬਦਰ (ਜ਼ਮੀਨ ਰਿਕਾਰਡ ਵਿੱਚ ਸੋਧ) ਬਾਰੇ ਜਾਣਕਾਰੀ ਦਿੰਦਿਆਂ ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਹਰ ਸਾਲ ਲਗਭਗ 60,000 ਫਰਦ ਬਦਰ (ਰਿਕਾਰਡ ਵਿੱਚ ਸੋਧ) ਬਾਰੇ ਬੇਨਤੀਆਂ ਪ੍ਰਾਪਤ ਹੁੰਦੀਆਂ ਹਨ। ਉਨ੍ਹਾਂ ਕਿਹਾ ਕਿ ਜ਼ਮੀਨੀ ਰਿਕਾਰਡ (ਜਿਵੇਂ ਕਿ ਨਾਮ ਵਿੱਚ ਸੋਧ) ਵਿੱਚ ਗਲਤੀਆਂ ਨੂੰ ਠੀਕ ਕਰਨ ਲਈ ਲੋਕਾਂ ਨੂੰ ਹੁਣ ਸਰਕਾਰੀ ਦਫ਼ਤਰਾਂ ਦੇ ਚੱਕਰ ਲਾਉਣ ਜਾਂ ਤਹਿਸੀਲਦਾਰਾਂ ਦੇ ਰਹਿਮੋ-ਕਰਮ 'ਤੇ ਰਹਿਣ ਦੀ ਲੋੜ ਨਹੀਂ ਪਵੇਗੀ। ਦੋਵਾਂ ਆਗੂਆਂ ਨੇ ਕਿਹਾ ਕਿ ਇਸ ਸਬੰਧੀ ਹੁਣ ਲੋੜੀਂਦੇ ਦਸਤਾਵੇਜ਼ਾਂ ਵਾਲਾ ਸਧਾਰਨ ਫਾਰਮ ਆਨਲਾਈਨ ਜਮ੍ਹਾਂ ਕੀਤਾ ਜਾ ਸਕਦਾ ਹੈ ਅਤੇ ਅਰਜ਼ੀ ਦੀ ਪ੍ਰਕਿਰਿਆ 15 ਦਿਨਾਂ ਦੀ ਸਮਾਂ ਸੀਮਾ ਅੰਦਰ ਕੀਤੀ ਜਾਵੇਗੀ ਅਤੇ ਨਾਲ ਹੀ ਇਨ੍ਹਾਂ ਸੇਵਾਵਾਂ ਲਈ ਨਾਮਾਤਰ ਅਰਜ਼ੀ ਫੀਸ ਵੀ ਆਨਲਾਈਨ ਅਦਾ ਕੀਤੀ ਜਾਵੇਗੀ। ਦੋਵਾਂ ਆਗੂਆਂ ਨੇ ਕਿਹਾ ਕਿ ਇਸ ਕਦਮ ਨਾਲ ਉਹ ਦੁਨੀਆ ਦੇ ਕਿਸੇ ਵੀ ਕੋਨੇ ਵਿੱਚ ਬੈਠ ਕੇ ਡਿਜੀਟਲ ਰੂਪ ਵਿੱਚ ਆਪਣੀ ਜ਼ਮੀਨ ਨੂੰ ਸੁਰੱਖਿਅਤ ਕਰਨ ਦੇ ਯੋਗ ਹੋ ਜਾਣਗੇ। ਇਸ ਦੀ ਮਿਸਾਲ ਦਿੰਦਿਆਂ ਉਨ੍ਹਾਂ ਕਿਹਾ ਕਿ ਜੇਕਰ ਸਬਸਕ੍ਰਾਈਬ ਕੀਤੇ ਰਿਕਾਰਡ ਨਾਲ ਛੇੜਛਾੜ ਕਰਨ ਦੀ ਕੋਈ ਵੀ ਕੋਸ਼ਿਸ਼ ਕੀਤੀ ਜਾਂਦੀ ਹੈ ਤਾਂ ਜ਼ਮੀਨ ਮਾਲਕ ਨੂੰ ਵਟਸਐਪ ਜਾਂ ਈਮੇਲ ਰਾਹੀਂ ਤੁਰੰਤ ਅਲਰਟ ਮਿਲ ਜਾਵੇਗਾ ਜਿਸ ਤੋਂ ਬਾਅਦ ਉਹ ਉਸੇ ਵੇਲੇ ਆਨਲਾਈਨ ਇਤਰਾਜ਼ ਉਠਾ ਸਕਦੇ ਹਨ ਅਤੇ ਇਹ ਇਤਰਾਜ਼ ਸਿੱਧੇ ਤੌਰ 'ਤੇ ਸਬੰਧਤ ਮਾਲ ਅਧਿਕਾਰੀ ਨੂੰ ਚਲਾ ਜਾਵੇਗਾ। ਭਗਵੰਤ ਸਿੰਘ ਮਾਨ ਅਤੇ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਇਹ ਕਦਮ ਦੁਨੀਆ ਭਰ ਦੇ ਪ੍ਰਵਾਸੀ ਭਾਰਤੀਆਂ ਲਈ ਉਨ੍ਹਾਂ ਦੀ ਜ਼ਮੀਨ ਦੀ ਸੁਰੱਖਿਆ ਨੂੰ ਯਕੀਨੀ ਬਣਾਉਂਦਾ ਹੈ। ਦੋਵਾਂ ਆਗੂਆਂ ਨੇ ਕਿਹਾ ਕਿ ਜਮ੍ਹਾਂਬੰਦੀ (ਜ਼ਮੀਨ ਰਿਕਾਰਡ ਦੀ ਕਾਪੀ), ਇੰਤਕਾਲ, ਅਤੇ ਫਰਦ ਬਦਰ (ਰਿਕਾਰਡ ਵਿੱਚ ਸੋਧ) ਵਰਗੀਆਂ ਸੇਵਾਵਾਂ ਲਈ ਪਹਿਲਾਂ ਹਰ ਵਿਅਕਤੀ ਨੂੰ ਪਟਵਾਰੀਆਂ ਜਾਂ ਤਹਿਸੀਲਦਾਰਾਂ ਕੋਲ ਖੱਜਲ ਹੋਣਾ ਪੈਂਦਾ ਸੀ।

# ਵਿਧਾਇਕ ਡਾ. ਅਜੇ ਗੁਪਤਾ ਨੇ ਨਵੇਂ ਟਿਊਬਵੈੱਲ ਦਾ ਉਦਘਾਟਨ ਕੀਤਾ



**ਅੰਮ੍ਰਿਤਸਰ, 12 ਜੂਨ (ਆਵਾਜ਼ਿ ਕੌਮ ਬਿਊਰੋ)**-ਕੇਂਦਰੀ ਵਿਧਾਨ ਸਭਾ ਹਲਕੇ ਦੇ ਵਿਧਾਇਕ ਡਾ. ਅਜੇ ਗੁਪਤਾ ਨੇ ਅੱਜ ਸ਼ੇਖਾ ਵਾਲਾ ਫੈਕਟਰੀ ਲੋਹਗੜ੍ਹ ਇਲਾਕੇ ਵਿੱਚ ਨਵੇਂ ਟਿਊਬਵੈੱਲਾਂ ਦੇ ਚਾਲੂ ਕਰਨ ਦਾ ਉਦਘਾਟਨ ਕੀਤਾ। ਵਿਧਾਇਕ ਡਾ. ਗੁਪਤਾ ਨੇ ਕਿਹਾ ਕਿ ਕੇਂਦਰੀ ਵਿਧਾਨ ਸਭਾ ਹਲਕੇ ਵਿੱਚ ਉਨ੍ਹਾਂ ਵੱਲੋਂ ਲਗਭਗ 30 ਨਵੇਂ ਟਿਊਬਵੈੱਲ ਚਾਲੂ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਜਿਨ੍ਹਾਂ ਇਲਾਕਿਆਂ ਵਿੱਚ ਅਜੇ ਵੀ ਪੀਣ ਵਾਲੇ ਪਾਣੀ ਦੀ ਸਮੱਸਿਆ ਹੈ, ਉੱਥੇ ਅਧਿਕਾਰੀ ਭੇਜ ਕੇ ਸਮੱਸਿਆ ਦਾ ਹੱਲ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕੁਝ ਪੁਰਾਣੇ ਵੱਡੇ ਟਿਊਬਵੈੱਲਾਂ ਦੇ ਬੰਦ ਹੋਣ ਕਾਰਨ ਪੀਣ ਵਾਲੇ ਪਾਣੀ ਦੀ ਸਮੱਸਿਆ ਪੈਦਾ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਸਮੱਸਿਆ ਦਾ ਵੀ ਹੱਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਹੋਰ ਨਵੇਂ ਟਿਊਬਵੈੱਲ ਚਾਲੂ ਕੀਤੇ ਜਾਣਗੇ ਉਨ੍ਹਾਂ ਕਿਹਾ ਕਿ ਕੇਂਦਰੀ ਵਿਧਾਨ ਸਭਾ ਹਲਕੇ ਦੇ ਜ਼ਿਆਦਾਤਰ ਇਲਾਕਿਆਂ ਵਿੱਚ ਪੀਣ ਵਾਲੇ ਪਾਣੀ ਦੀ ਕੋਈ ਸਮੱਸਿਆ ਨਹੀਂ ਹੈ। ਉਨ੍ਹਾਂ ਕਿਹਾ ਕਿ ਸਰਕਾਰ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ। ਵਿਧਾਇਕ ਡਾ. ਗੁਪਤਾ ਨੇ ਕਿਹਾ ਕਿ ਕੇਂਦਰੀ ਵਿਧਾਨ ਸਭਾ ਹਲਕੇ ਦੇ ਜਿਨ੍ਹਾਂ ਇਲਾਕਿਆਂ ਵਿੱਚ ਲੋਕਾਂ ਨੂੰ ਬਿਜਲੀ ਸਪਲਾਈ ਸਬੰਧੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ, ਉਨ੍ਹਾਂ ਇਲਾਕਿਆਂ ਵਿੱਚ ਨਵੇਂ ਬਿਜਲੀ ਟ੍ਰਾਂਸਫਾਰਮਰ ਲਗਾਏ ਗਏ ਹਨ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਬਿਜਲੀ ਟਰਾਂਸਫਾਰਮਰਾਂ ਦਾ ਲੋਡ ਵੀ ਵਧਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਪਹਿਲਾਂ ਤੋਂ ਆ ਰਹੀ ਬਿਜਲੀ ਦੀ ਸਮੱਸਿਆ ਤੋਂ ਰਾਹਤ ਮਿਲੀ ਹੈ। ਇਸ ਮੌਕੇ ਵਿਸ਼ਵਾ ਭੱਟੀ, ਓਮ ਪ੍ਰਕਾਸ਼, ਰਾਹੁਲ ਕੁਮਾਰ, ਸੁਦੇਸ਼ ਕੁਮਾਰ, ਦੀਪਕ ਚੱਢਾ, ਹੈਪੀ ਅਤੇ ਇਲਾਕੇ ਦੇ ਲੋਕ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਾਬਕਾ ਵਿਧਾਇਕ ਸਿੱਕੀ ਦੀ ਅਗਵਾਈ ਹੇਠ ਕਾਂਗਰਸੀਆਂ ਨੇ ਭਾਰਤ ਭੂਸ਼ਣ ਆਸ਼ੂ ਦੇ ਹੱਕ ਵਿੱਚ ਕੀਤਾ ਡੋਰ ਟੂ ਡੋਰ ਚੋਣ ਪ੍ਰਚਾਰ



**ਲੁਧਿਆਣਾ, 12 ਜੂਨ (ਆਵਾਜ਼ਿ ਕੌਮ ਬਿਊਰੋ)**-ਲੁਧਿਆਣਾ ਪੱਛਮੀ ਤੋਂ ਹੋ ਰਹੀ ਜਿਮਣੀ ਚੋਣ ਵਿੱਚ ਕਾਂਗਰਸ ਪਾਰਟੀ ਦੇ ਉਮੀਦਵਾਰ ਭਾਰਤ ਭੂਸ਼ਣ ਆਸ਼ੂ ਨੂੰ ਭਾਰੀ ਬਹੁਮਤ ਨਾਲ ਜਿਤਾਉਣ ਲਈ ਵਿਧਾਨ ਸਭਾ ਹਲਕਾ ਖਡੂਰ ਸਾਹਿਬ ਦੇ ਸਾਬਕਾ ਵਿਧਾਇਕ ਤੇ ਪੰਜਾਬ ਦੇ ਸੀਨੀਅਰ ਕਾਂਗਰਸੀ ਆਗੂ ਰਮਨਜੀਤ ਸਿੰਘ ਸਿੱਕੀ ਨੇ ਵਾਰਡ ਨੰਬਰ 61,62,63 ਅਤੇ 64 ਵਿੱਚ ਵੋਟਰਾਂ ਦੇ ਘਰ-ਘਰ ਜਾ ਕੇ ਡੋਰ ਟੂ ਡੋਰ ਚੋਣ ਪ੍ਰਚਾਰ ਕੀਤਾ ਤੇ ਲੁਧਿਆਣੇ ਵਾਸੀਆਂ ਨੂੰ ਅਪੀਲ ਕੀਤੀ ਕਿ 19 ਜੂਨ ਨੂੰ ਵਕਤ ਸਿਰ ਪੋਲਿੰਗ ਬੂਥਾਂ ਤੇ ਜਾ ਕੇ ਆਪਣੇ ਹਰਮਨ ਪਿਆਰੇ ਨੇਤਾ ਭਾਰਤ ਭੂਸ਼ਣ ਆਸ਼ੂ ਨੂੰ ਆਪਣੀਆਂ ਵੋਟਾਂ ਪਾ ਕੇ ਭਾਰੀ ਬਹੁਮਤ ਨਾਲ ਜਿਤਾ ਕੇ ਵਿਧਾਨ ਸਭਾ ਵਿੱਚ ਭੇਜਣ ਤਾਂ ਜੋ ਹਾਕਮ ਸਰਕਾਰ ਵੱਲੋਂ ਕੀਤੀਆਂ ਪੰਜਾਬੀਆਂ ਨਾਲ ਹੇਰਾ ਫੇਰੀਆਂ,ਸੀਨਾ ਜੋਰੀਆਂ ਦਾ ਠੋਕਵਾਂ ਜਵਾਬ ਮਿਲ ਸਕੇ ।ਚੋਣ ਪ੍ਰਚਾਰ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਾਬਕਾ ਵਿਧਾਇਕ ਸਿੱਕੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੂੰ ਜਿਮਨੀ ਚੋਣਾਂ ਵਿੱਚ ਆਪਣੀ ਹਾਰ ਸਪੱਸ਼ਟ ਨਜ਼ਰ ਆ ਰਹੀ ਹੈ ।ਹੁਣ ਉਹ ਸਿਰਫ ਆਪਣੀ ਜਮਾਨਤ ਬਚਾਉਣ ਲਈ ਸਮੁੱਚੀ ਪੰਜਾਬ ਸਰਕਾਰ ਤੇ ਦਿੱਲੀ ਦੀ ਸਾਬਕਾ ਸਰਕਾਰ ਅੱਡੀ ਚੋਟੀ ਦਾ ਜ਼ੋਰ ਲਾ ਰਹੀ ਹੈ ।ਲੋਕਾਂ ਨੂੰ ਝੂਠੇ ਵਾਅਦੇ ਤੇ ਲਾਰੇ ਲਾ ਕੇ ਭਰਮਾ ਰਹੀ ਹੈ ਪਰ ਲੁਧਿਆਣਾ ਪਛਮੀ ਦੇ ਬਹਾਦਰ ਤੇ ਸੂਝਵਾਨ ਵੋਟਰ ਇਹਨਾਂ ਦੇ ਝੂਠ ਫਰੇਬ ਚੋਂ ਨਹੀਂ ਆਉਂਦੇ ਨਜ਼ਰ ਆ ਰਹੇ ।ਵੋਟਰਾਂ ਪੱਕਾ ਮਨ ਬਣਾ ਲਿਆ ਹੈ ਕਿ ਉਹ ਕਾਂਗਰਸ ਪਾਰਟੀ ਦੇ ਉਮੀਦਵਾਰ ਨੂੰ ਭਾਰੀ ਬਹੁਮਤ ਨਾਲ ਜਿਤਾਉਣਗੇ ਆਸ਼ੂ ਦਾ ਦਿਨੋ-ਦਿਨ ਪਲੜਾ ਭਾਰੀ ਵੇਖ ਕੇ ਝਾੜੂ ਅੱਜ ਤੀਲਾ ਤੀਲਾ ਹੋ ਰਿਹਾ ਹੈ ।ਲੋਕ ਧੜਾ-ਧੜ ਦੂਸਰੀਆਂ ਪਾਰਟੀਆਂ ਦਾ ਖਹਿੜਾ ਛੱਡ ਕੇ ਕਾਂਗਰਸ ਪਾਰਟੀ ਚੋਂ ਸ਼ਾਮਿਲ ਹੋ ਕੇ ਲੋਕ ਆਸ਼ੂ ਦੀ ਚੋਣ ਮੁਹਿੰਮ ਚੋਂ ਕੁੱਦ ਰਹੇ ਹਨ।

ਇਸ ਮੌਕੇ ਉਨਾਂ ਨਾਲ ਮਹਿੰਦਰ ਸਿੰਘ ਚੰਬਾ,ਇੰਦਰਜੀਤ ਸਿੰਘ ਇੰਦੀ ਕੌਂਸਲਰ,ਅਵਤਾਰ ਸਿੰਘ ਤਾਰੀ ਲੁਧਿਆਣਾ,ਤਜਿੰਦਰ ਸਿੰਘ ਲਾਡੀ ਲੁਧਿਆਣਾ,ਮਨਜਿੰਦਰ ਸਿੰਘ ਗੁੱਜਰਪੁਰਾ,ਸੁਖਦੀਪ ਸਿੰਘ ਚੋਹਲਾ ਖੁਰਦ,ਯਾਦਵਿੰਦਰ ਸਿੰਘ ਵਾਰਿਆਹ,ਗੁਰਪ੍ਰੀਤ ਸਿੰਘ ਕਾਹਲਵਾਂ,ਬਲਬੀਰ ਸਿੰਘ ਸ਼ਾਹ ਕਰਮੂਵਾਲਾ,ਸੁਖਵੰਤ ਸਿੰਘ ਰੱਤੋਕੇ,ਪ੍ਰਭਜੀਤ ਸਿੰਘ ਕਾਹਲਵਾਂ,ਲਾਡੀ ਬਾਠ,ਗੁਲਵਿੰਦਰ ਸਿੰਘ ਰਾਏ,ਹਰਵਿੰਦਰ ਸਿੰਘ ਫੇਲੋਕੇ,ਗਗਨਪ੍ਰੀਤ ਸਿੰਘ ਫੇਲੋਕੇ,ਸਰਪੰਚ ਸੁਖਰਾਜ ਸਿੰਘ ਰੈਸ਼ੀਆਣਾ,ਸੋਨੀ ਭੱਠਲ,ਦਵਿੰਦਰ ਵਿਰਕ ਲੁਧਿਆਣਾ,ਮਨਬੀਰ ਭਲਾਈਪੁਰ,ਤਜਿੰਦਰ ਸਿੰਘ ਲਾਡੀ ਲੁਧਿਆਣਾ,ਸੰਜੀਵ ਸ਼ਰਮਾ ਪਟਿਆਲਾ ਯੂਥ ਪ੍ਰਧਾਨ,ਸੁਸ਼ੀਲ ਕੁਮਾਰ ਰਿੰਕੂ ਲੁਧਿਆਣਾ,ਜਸਬੀਰ ਸਿੰਘ ਜੱਸੋਵਾਲ,ਪ੍ਰਭਪ੍ਰੀਤ ਸਿੰਘ ਮੋਨਟੀ ਲੁਧਿਆਣਾ,ਰਣਜੀਤ ਸਿੰਘ ਰਾਣਾ ਪਵਾਰ ਸਿਆਸੀ ਸਕੱਤਰ ਸਰਦਾਰ ਰਮਨਜੀਤ ਸਿੰਘ ਸਿੱਕੀ, ਨਿਸ਼ਾਨ ਸਿੰਘ ਢੋਟੀ ਆਦਿ ਕਾਂਗਰਸੀ ਆਗੂ ਤੇ ਵਰਕਰ ਸਾਬਕਾ ਵਿਧਾਇਕ ਸਿੱਕੀ ਦੀ ਅਗਵਾਈ ਹੇਠ ਚੋਣ ਪ੍ਰਚਾਰ 'ਚ ਡਟੇ ਹਨ ਅਤੇ ਇਕੱਲੇ-ਇਕੱਲੇ ਵੋਟਰ ਨੂੰ ਆਸ਼ੂ ਜੀ ਨੂੰ ਭਾਰੀ ਬਹੁਮਤ ਨਾਲ ਜਿਤਾਉਣ ਲਈ ਪ੍ਰੇਰਿਤ ਕਰ ਰਹੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV